ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 9 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੨੭ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਭਾਰਤ-ਪਾਕਿਸਤਾਨ ਤਣਾਅ ਵਿਚਾਲੇ ਦਿੱਲੀ ਹਵਾਈ ਅੱਡੇ ਤੋਂ 135 ਉਡਾਣਾਂ ਰੱਦ

**ਨਵੀਂ ਦਿੱਲੀ, 8 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ-ਪਾਕਿਸਤਾਨ ਤਣਾਅ ਦੇ ਵਿਚਕਾਰ, ਦਿੱਲੀ ਹਵਾਈ ਅੱਡੇ ਤੋਂ ਜਾਣ ਵਾਲੀਆਂ ਲਗਭਗ 135 ਉਡਾਣਾਂ ਰੱਦ ਕਰ ਦਿੱਤੀਆਂ ਹਨ, ਜਿਨ੍ਹਾਂ ਵਿੱਚੋਂ 65 ਉਡਾਣਾਂ ਆਉਣ ਵਾਲੀਆਂ ਸਨ ਅਤੇ 66 ਜਾਣ ਵਾਲੀਆਂ ਉਡਾਣਾਂ ਸਨ। ਵਿਦੇਸ਼ੀ ਏਅਰਲਾਈਨਾਂ, ਜਿਵੇਂ ਕਿ ਅਮਰੀਕਨ ਏਅਰਲਾਈਨਜ਼, ਨੇ ਵੀ ਆਪਣੀਆਂ ਕੁਝ ਅੰਤਰਰਾਸ਼ਟਰੀ ਉਡਾਣਾਂ ਰੱਦ ਕਰ ਦਿੱਤੀਆਂ ਹਨ। ਇੰਡੀਅਨ ਐਕਸਪ੍ਰੈਸ ਦੀ ਰਿਪੋਰਟ ਦੇ ਅਨੁਸਾਰ, ਦਿੱਲੀ ਹਵਾਈ ਅੱਡਾ ਅਥਾਰਟੀ ਨੇ ਕਿਹਾ ਕਿ ਹਵਾਈ ਅੱਡੇ ਦੇ ਸਾਰੇ ਚਾਰ ਰਨਵੇਅ ਅਤੇ ਸਾਰੇ ਟਰਮੀਨਲ ਕੰਮ ਕਰ ਰਹੇ ਹਨ, ਪਰ ਹਵਾਈ ਖੇਤਰ ਵਿੱਚ ਬਦਲਾਅ ਕਰਕੇ ਬਹੁਤ ਸਾਰੀਆਂ ਉਡਾਣਾਂ ਰੱਦ ਕਰ ਦਿੱਤੀਆਂ ਹਨ। ਇੰਡੀਗੋ ਅਤੇ ਏਅਰ ਇੰਡੀਆ ਨੇ ਜੰਮੂ, ਸ਼੍ਰੀਨਗਰ, ਲੇਹ, ਅੰਮ੍ਰਿਤਸਰ, ਚੰਡੀਗੜ੍ਹ, ਜੋਧਪੁਰ, ਧਰਮਸ਼ਾਲਾ ਵਰਗੇ ਉੱਤਰੀ ਭਾਰਤੀ ਹਵਾਈ ਅੱਡਿਆਂ ਤੋਂ 10 ਮਈ ਤੱਕ ਉਡਾਣਾਂ ਰੱਦ ਕਰ ਦਿੱਤੀਆਂ ਹਨ। ਏਅਰ ਇੰਡੀਆ ਨੇ ਦੋ ਅੰਤਰਰਾਸ਼ਟਰੀ ਉਡਾਣਾਂ ਨੂੰ ਵੀ ਦਿੱਲੀ ਡਾਇਵਰਟ ਕੀਤਾ ਹੈ। ਭਾਰਤ ਦੀ ਸਟ੍ਰਾਈਕ ਤੋਂ ਬਾਅਦ, ਬਹੁਤ ਸਾਰੀਆਂ ਅੰਤਰਰਾਸ਼ਟਰੀ ਉਡਾਣਾਂ ਨੇ ਪਾਕਿਸਤਾਨੀ ਹਵਾਈ ਖੇਤਰ ਨੂੰ ਪੂਰੀ ਤਰ੍ਹਾਂ ਬਾਈਪਾਸ ਕਰਨਾ ਸ਼ੁਰੂ ਕਰ ਦਿੱਤਾ ਹੈ। ਦੱਸ ਦਈਏ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਵੱਧ ਗਿਆ ਹੈ ਅਤੇ ਹੁਣ ਭਾਰਤ ਵਲੋਂ ਆਪਰੇਸ਼ਨ ਸਿੰਦੂਰ ਚਲਾਇਆ ਜਾ ਰਿਹਾ ਹੈ ਜਿਸ ਤਹਿਤ ਕਈ ਚੀਜ਼ਾਂ 'ਤੇ ਅਸਰ ਪਿਆ ਹੈ। ਉੱਥੇ ਹੀ ਕਈ ਉਡਾਣਾਂ ਵੀ ਰੱਦ ਕਰ ਦਿੱਤੀਆਂ ਗਈਆਂ ਅਤੇ ਕਈ ਹਵਾਈ ਅੱਡੇ ਵੀ ਬੰਦ ਕਰ ਦਿੱਤੇ ਹਨ।

## ਪਾਕਿਸਤਾਨੀ ਏਅਰ ਡਿਫੈਂਸ ਸਿਸਟਮ ਕੀਤਾ ਤਬਾਹ

# ਭਾਰਤ ਨੇ ਪਾਕਿਸਤਾਨ ਦੇ ਸ਼ਹਿਰਾਂ 'ਚ ਮਚਾਈ ਤਬਾਹੀ

**ਨਵੀਂ ਦਿੱਲੀ, 8 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਨੇ ਆਪ੍ਰੇਸ਼ਨ ਸਿੰਦੂਰ ਤਹਿਤ ਦੂਜੇ ਦਿਨ ਪਾਕਿਸਤਾਨ ਵਿਰੁੱਧ ਵੱਡੀ ਕਾਰਵਾਈ ਕੀਤੀ ਹੈ। ਵੀਰਵਾਰ ਸਵੇਰੇ ਭਾਰਤ ਨੇ ਪਾਕਿਸਤਾਨ ਦੇ ਤਿੰਨ ਵੱਡੇ ਸ਼ਹਿਰਾਂ ਲਾਹੌਰ, ਕਰਾਚੀ ਤੇ ਰਾਵਲਪਿੰਡੀ ਵਿੱਚ ਸਥਾਪਤ HQ-9 ਹਵਾਈ ਰੱਖਿਆ ਪ੍ਰਣਾਲੀਆਂ ਨੂੰ ਤਬਾਹ ਕਰ ਦਿੱਤਾ। ਭਾਰਤ ਨੇ ਹਮਲੇ ਲਈ ਇਜ਼ਰਾਈਲੀ ਹਾਰਪੀ ਡ੍ਰੋਨਾਂ ਦੀ ਵਰਤੋਂ ਕੀਤੀ। ਪਾਕਿਸਤਾਨ ਫੌਜ ਦੇ ਬੁਲਾਰੇ ਲੈਫਟੀਨੈਂਟ ਜਨਰਲ ਅਹਿਮਦ ਸ਼ਰੀਫ ਚੌਧਰੀ ਨੇ ਵੀਰਵਾਰ ਦੁਪਹਿਰ ਨੂੰ ਕਿਹਾ ਕਿ ਭਾਰਤ ਨੇ ਪਾਕਿਸਤਾਨ ਦੇ 9 ਸ਼ਹਿਰਾਂ ਵਿੱਚ ਡ੍ਰੋਨ ਹਮਲੇ ਕੀਤੇ। ਪਾਕਿਸਤਾਨੀ ਫੌਜ ਨੇ ਘੱਟੋ-ਘੱਟ 50 ਡ੍ਰੋਨਾਂ ਨੂੰ ਡੇਗਣ ਵਿੱਚ ਕਾਮਯਾਬੀ ਹਾਸਲ ਕੀਤੀ। ਸ਼ਰੀਫ ਨੇ ਮੰਨਿਆ ਕਿ ਇੱਕ ਡ੍ਰੋਨ ਨੁਕਸਾਨ ਪਹੁੰਚਾਉਣ ਵਿੱਚ ਕਾਮਯਾਬ ਰਿਹਾ। ਲਾਹੌਰ ਵਿੱਚ 4 ਪਾਕਿਸਤਾਨੀ ਫੌਜ ਦੇ ਜਵਾਨ ਜ਼ਖਮੀ ਹੋਏ ਤੇ ਮਿਆਨੋ ਵਿੱਚ 2 ਲੋਕਾਂ ਦੀ ਮੌਤ ਹੋ ਗਈ। ਉਧਰ, ਅਲ ਜਜ਼ੀਰਾ ਦੀ ਰਿਪੋਰਟ ਅਨੁਸਾਰ ਰਾਵਲਪਿੰਡੀ ਕ੍ਰਿਕਟ ਸਟੇਡੀਅਮ ਦੇ ਅਹਾਤੇ ਵਿੱਚ ਇੱਕ ਡ੍ਰੋਨ ਹਮਲਾ ਹੋਇਆ। ਇਸ ਵਿੱਚ ਫੂਡ ਵੈਂਡਰਾਂ ਨੂੰ ਨੁਕਸਾਨ ਪਹੁੰਚਿਆ ਹੈ। ਰਾਵਲਪਿੰਡੀ ਕ੍ਰਿਕਟ ਸਟੇਡੀਅਮ ਵਿੱਚ ਇਸ ਸਮੇਂ ਪਾਕਿਸਤਾਨ ਸੁਪਰ ਲੀਗ ਦੇ ਮੈਚ ਚੱਲ ਰਹੇ ਹਨ। ਕੱਲ੍ਹ ਭਾਰਤ ਦੇ ਹਵਾਈ ਹਮਲੇ ਤੋਂ ਬਾਅਦ PSL ਦਾ ਇੱਕ ਮੈਚ ਰੱਦ ਕਰ ਦਿੱਤਾ ਗਿਆ ਸੀ। ਪਾਕਿਸਤਾਨ ਨੇ ਦੋਸ਼ ਲਗਾਇਆ ਹੈ ਕਿ ਭਾਰਤ ਨੇ ਨੀਲਮ-ਜੇਹਲਮ ਪਣ-ਬਿਜਲੀ ਪ੍ਰੋਜੈਕਟ ਨੂੰ ਨਿਸ਼ਾਨਾ ਬਣਾਇਆ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਆਲੇ-ਦੁਆਲੇ ਦੀਆਂ ਬਸਤੀਆਂ ਵਿੱਚ ਰਹਿਣ ਵਾਲੇ ਨਾਗਰਿਕਾਂ ਨੂੰ ਮਾਰਨ ਦੀ ਵੀ ਕੋਸ਼ਿਸ਼ ਕੀਤੀ ਹੈ। ਇਹ ਹਮਲਾ ਅੱਧੀ ਰਾਤ ਤੋਂ ਸਵੇਰੇ 7 ਵਜੇ ਤੱਕ ਚੱਲਿਆ। ਗੁਆਂਢੀ ਦੇਸ਼ ਨੇ ਕਿਹਾ ਕਿ ਇਹ ਅੰਤਰਰਾਸ਼ਟਰੀ ਨਿਯਮਾਂ ਦੀ ਉਲੰਘਣਾ ਹੈ। ਪਣ-ਬਿਜਲੀ ਪ੍ਰੋਜੈਕਟ ਦੇ ਚੇਅਰਮੈਨ ਨੇ ਕਿਹਾ ਕਿ ਉਨ੍ਹਾਂ ਦੀਆਂ ਤਕਨੀਕੀ ਟੀਮਾਂ ਇਸ ਸਮੇਂ ਨੁਕਸਾਨ ਦਾ ਮੁਲਾਂਕਣ ਕਰ ਰਹੀਆਂ ਹਨ। ਉਧਰ, ਅਮਰੀਕਾ ਨੇ ਲਾਹੌਰ ਦੂਤਾਵਾਸ ਦੇ ਸਟਾਫ ਨੂੰ ਸੁਰੱਖਿਅਤ ਥਾਂ 'ਤੇ ਜਾਣ ਲਈ ਕਿਹਾ ਹੈ। ਅਮਰੀਕਾ ਨੇ ਲਾਹੌਰ ਕੌਂਸਲੇਟ ਵਿੱਚ ਰਹਿਣ ਵਾਲੇ ਆਪਣੇ ਕਰਮਚਾਰੀਆਂ ਨੂੰ ਤੁਰੰਤ ਸੁਰੱਖਿਅਤ ਥਾਵਾਂ 'ਤੇ ਜਾਣ ਦਾ ਆਦੇਸ਼ ਦਿੱਤਾ ਹੈ। ਅਮਰੀਕੀ ਵਿਦੇਸ਼ ਵਿਭਾਗ ਨੇ ਆਪਣੇ ਨਿਰਦੇਸ਼ਾਂ ਵਿੱਚ ਕਿਹਾ ਹੈ ਕਿ ਡ੍ਰੋਨ ਵਿਸਫੋਟਾਂ ਤੇ ਸੰਭਾਵੀ ਹਵਾਈ ਹਮਲਿਆਂ ਦੀਆਂ ਰਿਪੋਰਟਾਂ ਦੇ ਵਿਚਕਾਰ ਕਰਮਚਾਰੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਪਨਾਹ ਲੈਣ ਦੀ ਸਲਾਹ ਦਿੱਤੀ ਜਾਂਦੀ ਹੈ।



## ਭਾਰਤ-ਪਾਕਿ ਵਿਚਾਲੇ ਸਿੱਧੀ ਜੰਗ, ਪਾਕਿਸਤਾਨ ਨੇ 15 ਭਾਰਤੀ ਫੌਜੀ ਟਿਕਾਣਿਆਂ ਉਪਰ ਹਮਲਾ ਬੋਲਿਆ

**ਨਵੀਂ ਦਿੱਲੀ, 8 ਮਈ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਨੇ ਲੰਘੀ ਰਾਤ ਭਾਰਤ ਦੇ 15 ਫੌਜੀ ਟਿਕਾਣਿਆਂ ਉਪਰ ਹਮਲਾ ਬੋਲਿਆ ਪਰ ਨਾਕਾਮ ਰਿਹਾ। ਇਸ ਦਾ ਜਵਾਬ ਦਿੰਦਿਆਂ ਭਾਰਤ ਨੇ ਵੀਰਵਾਰ ਸਵੇਰੇ ਪਾਕਿਸਤਾਨ ਦੇ ਹਵਾਈ ਰੱਖਿਆ ਪ੍ਰਣਾਲੀ ਨੂੰ ਤਬਾਹ ਕਰ ਦਿੱਤਾ। ਭਾਰਤ ਸਰਕਾਰ ਨੇ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਬੁੱਧਵਾਰ ਰਾਤ ਪਾਕਿਸਤਾਨੀ ਫੌਜ ਨੇ 15 ਭਾਰਤੀ ਫੌਜੀ ਟਿਕਾਣਿਆਂ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ। ਇਸ ਤੋਂ ਬਾਅਦ ਭਾਰਤੀ ਫੌਜ ਨੇ ਵੱਡੀ ਕਾਰਵਾਈ ਕਰਕੇ ਢੁਕਵਾਂ ਜਵਾਬ ਦਿੱਤਾ। ਮੀਡੀਆ ਵਿੱਚ ਧਮਾਕਿਆਂ ਦੀਆਂ ਖਬਰਾਂ ਮਗਰੋਂ ਭਾਰਤੀ ਰੱਖਿਆ ਮੰਤਰਾਲੇ ਨੇ ਅੱਜ ਦੁਪਹਿਰ 2:30 ਵਜੇ ਇਸ ਕਾਰਵਾਈ ਬਾਰੇ ਜਾਣਕਾਰੀ ਦਿੱਤੀ। ਰੱਖਿਆ ਮੰਤਰਾਲੇ ਨੇ ਕਿਹਾ ਕਿ ਅੱਜ ਸਵੇਰੇ ਭਾਰਤੀ ਫੌਜਾਂ ਨੇ ਪਾਕਿਸਤਾਨ ਦੇ ਕਈ ਸਥਾਨਾਂ 'ਤੇ ਹਵਾਈ ਰੱਖਿਆ ਰਾਡਾਰਾਂ ਤੇ ਪ੍ਰਣਾਲੀਆਂ ਨੂੰ ਨਿਸ਼ਾਨਾ ਬਣਾਇਆ। ਭਾਰਤ ਨੇ ਲਾਹੌਰ ਵਿੱਚ ਸਥਿਤ ਹਵਾਈ ਰੱਖਿਆ ਪ੍ਰਣਾਲੀ ਨੂੰ ਤਬਾਹ ਕਰ ਦਿੱਤਾ। ਇਸ ਦੌਰਾਨ ਪਾਕਿਸਤਾਨ ਕੰਟਰੋਲ ਰੇਖਾ 'ਤੇ ਗੋਲੀਬਾਰੀ ਕਰ ਰਿਹਾ ਹੈ। ਇਸ ਵਿੱਚ ਜੰਮੂ-ਕਸ਼ਮੀਰ ਦੇ ਕੁਪਵਾੜਾ, ਬਾਰਾਮੂਲਾ, ਉੜੀ, ਪੁੰਛ, ਮੇਂਢਰ ਤੇ ਰਾਜੌਰੀ ਸੈਕਟਰਾਂ ਵਿੱਚ ਮੋਰਟਾਰ ਤੇ ਗੋਲੀਬਾਰੀ ਕੀਤੀ ਜਾ ਰਹੀ ਹੈ। ਭਾਰਤ ਸਰਕਾਰ ਵੱਲੋਂ ਜਾਰੀ ਪ੍ਰੈਸ ਰਿਲੀਜ਼ ਵਿੱਚ ਕਿਹਾ ਗਿਆ ਹੈ ਕਿ 07 ਮਈ 2025 ਨੂੰ ਆਪ੍ਰੇਸ਼ਨ ਸਿੰਦੂਰ 'ਤੇ ਪ੍ਰੈਸ ਬ੍ਰੀਫਿੰਗ ਦੌਰਾਨ ਭਾਰਤ ਨੇ ਆਪਣੀ ਪ੍ਰਤੀਕਿਰਿਆ ਨੂੰ ਕੇਂਦਰਿਤ, ਨਾਪੀ-ਤੋਲੀ ਤੇ ਗੈਰ-ਉਕਸਾਊ ਦੱਸਿਆ ਸੀ। ਇਹ ਖਾਸ ਤੌਰ 'ਤੇ ਜ਼ਿਕਰ ਕੀਤਾ ਗਿਆ ਸੀ ਕਿ ਪਾਕਿਸਤਾਨੀ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਨਹੀਂ ਬਣਾਇਆ ਗਿਆ। ਇਹ ਵੀ ਦੁਹਰਾਇਆ ਗਿਆ ਸੀ ਕਿ ਭਾਰਤ ਵਿੱਚ ਫੌਜੀ ਟਿਕਾਣਿਆਂ 'ਤੇ ਕਿਸੇ ਵੀ ਹਮਲੇ ਦਾ ਢੁਕਵਾਂ ਜਵਾਬ ਦਿੱਤਾ ਜਾਵੇਗਾ। ਦੂਜੇ ਪਾਸੇ 07-08 ਮਈ 2025 ਦੀ ਰਾਤ ਨੂੰ ਪਾਕਿਸਤਾਨ ਨੇ ਡਰੋਨ ਤੇ ਮਿਜ਼ਾਈਲਾਂ ਦੀ ਵਰਤੋਂ ਕਰਕੇ ਅਵੰਤੀਪੁਰਾ, ਸ਼੍ਰੀਨਗਰ, ਜੰਮੂ, ਪਠਾਨਕੋਟ, ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਲੁਧਿਆਣਾ, ਆਦਮਪੁਰ, ਬਠਿੰਡਾ, ਚੰਡੀਗੜ੍ਹ, ਨਲ, ਫਲੋਦੀ, ਉਤਰਲਾਈ ਤੇ ਭੁਜ ਸਮੇਤ ਉੱਤਰੀ ਤੇ ਪੱਛਮੀ ਭਾਰਤ ਵਿੱਚ ਕਈ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ। ਇਨ੍ਹਾਂ ਨੂੰ ਇੰਟੀਗ੍ਰੇਟਿਡ ਕਾਊਂਟਰ ਯੂਏਐਸ ਗਰਿੱਡ ਤੇ ਏਅਰ ਡਿਫੈਂਸ ਸਿਸਟਮ ਦੁਆਰਾ ਬੇਅਸਰ ਕਰ ਦਿੱਤਾ ਗਿਆ।

## ਪਾਕਿਸਤਾਨ ਨੇ ਗੁਰੂ ਘਰ 'ਤੇ ਕੀਤਾ ਹਮਲਾ, MEA ਨੇ ਤਸਵੀਰਾਂ ਦਿਖਾ ਕੇ ਦਿੱਤੇ ਸਬੂਤ

**ਨਵੀਂ ਦਿੱਲੀ, 8 ਮਈ (ਆਵਾਜ਼ਿ ਕੌਮ ਬਿਊਰੋ)**-ਆਪਰੇਸ਼ਨ ਸਿੰਦੂਰ 'ਤੇ ਵਿਦੇਸ਼ ਮੰਤਰਾਲੇ ਨੇ ਇੱਕ ਪ੍ਰੈਸ ਬ੍ਰੀਫਿੰਗ ਕੀਤੀ। ਇਸ ਦੌਰਾਨ ਕਰਨਲ ਸੋਫੀਆ ਕੁਰੈਸ਼ੀ ਨੇ ਕਿਹਾ ਕਿ ਅਸੀਂ ਪਹਿਲਾਂ ਹੀ ਪਾਕਿਸਤਾਨ ਨੂੰ ਚਿਤਾਵਨੀ ਦੇ ਦਿੱਤੀ ਸੀ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨੇ ਭਾਰਤ ਦੇ ਕਈ ਸ਼ਹਿਰਾਂ 'ਚ ਮਿਜ਼ਾਈਲਾਂ ਅਤੇ ਡਰੋਨ ਰਾਹੀਂ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਪਰ ਅਸੀਂ ਪਾਕਿਸਤਾਨੀ ਹਮਲਿਆਂ ਨੂੰ ਨਾਕਾਮ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਹਮਲਿਆਂ ਦਾ ਮਲਬਾ ਕਈ ਥਾਵਾਂ ਤੋਂ ਮਿਲਿਆ ਹੈ, ਜੋ ਕਿ ਇਸ ਗੱਲ ਦਾ ਸਬੂਤ ਹੈ। ਇਸ ਦੌਰਾਨ ਵਿੰਗ ਕਮਾਂਡਰ ਵਿਓਮਿਕਾ ਸਿੰਘ ਨੇ ਕਿਹਾ ਕਿ ਪਾਕਿਸਤਾਨ ਨੇ ਜੰਮੂ-ਕਸ਼ਮੀਰ ਦੇ ਕੁਪਵਾੜਾ, ਬਾਰਾਮੂਲਾ, ਉੜੀ, ਪੁੰਛ, ਮੇਂਢਰ ਅਤੇ ਰਾਜੌਰੀ ਸੈਕਟਰਾਂ ਵਿੱਚ ਮੋਰਟਾਰ ਅਤੇ ਭਾਰੀ ਤੋਪਖਾਨੇ ਦੀ ਵਰਤੋਂ ਕਰ ਕੇ ਕੰਟਰੋਲ ਰੇਖਾ ਦੇ ਨੇੜੇ ਬਿਨਾਂ ਗੋਲੀਬਾਰੀ ਤੇਜ਼ ਕਰ ਦਿੱਤੀ ਹੈ।' ਪਾਕਿਸਤਾਨ ਦੀ ਗੋਲੀਬਾਰੀ ਵਿੱਚ ਤਿੰਨ ਔਰਤਾਂ ਅਤੇ ਪੰਜ ਬੱਚਿਆਂ ਸਮੇਤ 16 ਮਾਸੂਮ ਲੋਕ ਮਾਰੇ ਗਏ ਹਨ। ਭਾਰਤ ਨੇ ਪਾਕਿਸਤਾਨ ਵੱਲੋਂ ਗੋਲੀਬਾਰੀ ਦਾ ਮੂੰਹਤੋੜ ਜਵਾਬ ਦਿੱਤਾ ਹੈ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਪ੍ਰੈੱਸ ਬ੍ਰੀਫਿੰਗ ਦੌਰਾਨ ਕਿਹਾ ਕਿ ਸਰਹੱਦ ਪਾਰ ਤੋਂ ਸਾਡੇ ਵਿਰੁੱਧ ਬਹੁਤ ਸਾਰੀ ਗਲਤ ਜਾਣਕਾਰੀ ਦਿੱਤੀ ਗਈ ਹੈ, ਕੁਝ ਗੱਲਾਂ ਧਿਆਨ ਵਿੱਚ ਰੱਖਣ ਯੋਗ ਹਨ ਜਿਵੇਂ ਕਿ ਤਣਾਅ ਵਧਣ ਬਾਰੇ ਜ਼ਿਕਰ ਕੀਤਾ ਜਾ ਰਿਹਾ ਹੈ। ਪਰ ਪਹਿਲੀ ਗੱਲ ਇਹ ਹੈ ਕਿ ਪਹਿਲਗਾਮ ਵਿੱਚ ਹੋਇਆ ਹਮਲਾ ਤਣਾਅ ਵਧਣ ਦਾ ਪਹਿਲਾ ਕਾਰਨ ਹੈ, ਭਾਰਤੀ ਫੌਜ ਨੇ ਕੱਲ੍ਹ ਇਸਦਾ ਜਵਾਬ ਦਿੱਤਾ ਹੈ। ਉਨ੍ਹਾਂ ਕਿਹਾ ਕਿ 'ਦਿ ਰੇਜ਼ਿਸਟੈਂਸ ਫਰੰਟ' (ਟੀਆਰਐਫ) ਸਮੂਹ ਲਸ਼ਕਰ-ਏ-ਤੋਇਬਾ ਦਾ ਇੱਕ ਜਾਣਿਆ-ਪਛਾਣਿਆ ਫਰੰਟ ਹੈ। ਅਸੀਂ ਪਹਿਲਗਾਮ ਹਮਲੇ ਦੀ ਜ਼ਿੰਮੇਵਾਰੀ ਲੈਣ ਵਾਲੇ ਵਿਅਕਤੀ ਬਾਰੇ ਸਾਰੀ ਜਾਣਕਾਰੀ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਨੂੰ ਪ੍ਰਦਾਨ ਕਰ ਰਹੇ ਹਾਂ। ਟੀਆਰਐੱਫ ਬਾਰੇ ਲਗਾਤਾਰ ਅਪਡੇਟਸ ਦਿੱਤੇ ਜਾ ਰਹੇ ਹਨ। ਵਿਕਰਮ ਮਿਸਰੀ ਨੇ ਇੱਕ ਹੈਰਾਨ ਕਰਨ ਵਾਲਾ ਖੁਲਾਸਾ ਕੀਤਾ ਕਿ ਜਦੋਂ ਯੂਐਨਐਸਸੀ ਦੇ ਬਿਆਨ ਵਿੱਚ ਟੀਆਰਐਫ ਦਾ ਨਾਮ ਸ਼ਾਮਲ ਕਰਨ ਦੀ ਗੱਲ ਆਈ ਤਾਂ ਸਿਰਫ਼ ਪਾਕਿਸਤਾਨ ਨੇ ਹੀ ਇਸਦਾ ਵਿਰੋਧ ਕੀਤਾ ਅਤੇ ਨਾਮ ਹਟਾ ਦਿੱਤਾ। ਇਹ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਪਾਕਿਸਤਾਨ ਅਜੇ ਵੀ ਇਨ੍ਹਾਂ ਅੱਤਵਾਦੀ ਸਮੂਹਾਂ ਨੂੰ ਢਾਲ ਅਤੇ ਸਮਰਥਨ ਦੇ ਰਿਹਾ ਹੈ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ 7 ਮਈ ਨੂੰ ਸਿਰਫ਼ ਅੱਤਵਾਦੀ ਕੈਂਪਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਅਸੀਂ ਕਿਸੇ ਵੀ ਫੌਜੀ ਟਿਕਾਣੇ ਨੂੰ ਨਿਸ਼ਾਨਾ ਨਹੀਂ ਬਣਾਇਆ ਹੈ। ਪਾਕਿਸਤਾਨ ਨੇ ਭਾਰਤ ਦੇ ਪੁੰਛ ਵਿੱਚ ਸਿੱਖ ਗੁਰਦੁਆਰੇ 'ਤੇ ਹਮਲਾ ਕੀਤਾ। ਸਿੱਖ ਭਾਈਚਾਰੇ ਨੂੰ ਨਿਸ਼ਾਨਾ ਬਣਾਇਆ ਗਿਆ। ਇਸ ਵਿੱਚ ਤਿੰਨ ਲੋਕਾਂ ਦੀ ਮੌਤ ਹੋ ਗਈ। ਅਸੀਂ ਪਾਕਿਸਤਾਨ ਦੀ ਇਸ ਕਾਰਵਾਈ ਦੀ ਨਿੰਦਾ ਕਰਦੇ ਹਾਂ। ਇਸ ਦੌਰਾਨ ਵਿਕਰਮ ਮਿਸਰੀ ਨੇ ਪਾਕਿਸਤਾਨ ਵੱਲੋਂ ਕੀਤੇ ਹਮਲੇ ਦੀਆਂ ਤਸਵੀਰਾਂ ਵੀ ਦਿਖਾਈਆਂ।



## ਪੰਜਾਬ ਦੇ ਸਰਹੱਦੀ ਪਿੰਡ ਹੋਣ ਲੱਗੇ ਖਾਲੀ, ਘਰ ਛੱਡ ਕੇ ਜਾ ਰਹੇ ਲੋਕ



**ਨਵੀਂ ਦਿੱਲੀ, 8 ਮਈ (ਆਵਾਜ਼ਿ ਕੌਮ ਬਿਊਰੋ)**-ਪਹਿਲਗਾਮ ਹਮਲੇ ਤੋਂ ਬਾਅਦ ਪਾਕਿਸਤਾਨ ਅਤੇ ਭਾਰਤ ਵਿਚਾਲੇ ਦਿਨ-ਬ-ਦਿਨ ਤਣਾਅ ਵਧਦਾ ਜਾ ਰਿਹਾ ਹੈ। ਉੱਥੇ ਹੀ ਦੋਵੇਂ ਦੇਸ਼ਾਂ ਵਲੋਂ ਇੱਕ-ਦੂਜੇ 'ਤੇ ਕਾਫੀ ਪਾਬੰਦੀਆਂ ਵੀ ਲਗਾਈਆਂ ਗਈਆਂ ਹਨ। ਇਸ ਦੇ ਨਾਲ ਭਾਰਤ ਵਲੋਂ ਆਪਰੇਸ਼ਨ ਸਿੰਦੂਰ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਪਾਕਿਸਤਾਨ ਵਿਰੁੱਧ ਕਾਰਵਾਈ ਵੀ ਕੀਤੀ ਜਾ ਰਹੀ ਹੈ। ਉੱਥੇ ਹੀ ਸਰਹੱਦੀ ਪਿੰਡਾਂ ਦੇ ਲੋਕ ਕਾਫੀ ਡਰੇ ਹੋਏ ਹਨ, ਜਿਸ ਕਰਕੇ ਲੋਕ ਆਪਣੇ ਬਚਾਅ ਪਹਿਲਾਂ ਹੀ ਆਪਣਾ ਘਰ-ਬਾਰ ਛੱਡ ਕੇ ਸੁਰੱਖਿਅਤ ਥਾਵਾਂ 'ਤੇ ਜਾ ਰਹੇ ਹਨ। ਦੱਸ ਦਈਏ ਕਿ ਫਾਜ਼ਿਲਕਾ ਦੇ ਭਾਰਤ-ਪਾਕਿਸਤਾਨ ਸਰਹੱਦੀ ਖੇਤਰ ਦੇ ਲੋਕਾਂ ਨੇ ਪਿੰਡ ਛੱਡਣੇ ਸ਼ੁਰੂ ਕਰ ਦਿੱਤੇ ਹਨ। ਲੋਕ ਘਰੇਲੂ ਸਮਾਨ ਨੂੰ ਟਰੈਕਟਰ ਟਰਾਲੀਆਂ ਵਿੱਚ ਲੱਦ ਕੇ ਸੁਰੱਖਿਅਤ ਥਾਵਾਂ ਵੱਲ ਲਿਜਾ ਰਹੇ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ 1965-71 ਦੀ ਜੰਗ ਦੌਰਾਨ ਪਾਕਿਸਤਾਨ ਨੇ ਇਸ ਇਲਾਕੇ ਨੂੰ ਘੇਰ ਲਿਆ ਸੀ ਅਤੇ ਬਹੁਤ ਸਾਰੇ ਲੋਕਾਂ ਨੂੰ ਬੰਦੀ ਬਣਾ ਲਿਆ ਸੀ। ਇਸੇ ਕਰਕੇ ਹੁਣ ਉਹ ਜੰਗ ਦੇ ਡਰੋਂ ਆਪਣਾ ਇਲਾਕਾ ਛੱਡਣ ਲਈ ਮਜਬੂਰ ਹਨ। ਜਾਣਕਾਰੀ ਦਿੰਦਿਆਂ ਹੋਇਆਂ ਪਿੰਡ ਵਾਸੀਆਂ ਨੇ ਦੱਸਿਆ ਕਿ ਭਾਰਤ ਵੱਲੋਂ ਪਾਕਿਸਤਾਨ 'ਤੇ ਕੀਤੇ ਗਏ ਹਵਾਈ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਦਾ ਮਾਹੌਲ ਹੈ। ਜਿਸ ਕਾਰਨ ਉਕਤ ਲੋਕ ਆਪਣੇ ਘਰੇਲੂ ਸਮਾਨ ਸਮੇਤ ਸੁਰੱਖਿਅਤ ਥਾਵਾਂ ਵੱਲ ਜਾ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ 1965-71 ਦੀ ਜੰਗ ਦੌਰਾਨ ਪਾਕਿਸਤਾਨ ਨੇ ਇਸ ਇਲਾਕੇ 'ਤੇ ਕਬਜ਼ਾ ਕਰ ਲਿਆ ਸੀ ਅਤੇ ਇਸ ਇਲਾਕੇ ਦੇ ਬਹੁਤ ਸਾਰੇ ਲੋਕਾਂ ਨੂੰ ਬੰਦੀ ਬਣਾ ਲਿਆ ਸੀ। ਜਦੋਂ ਸਥਿਤੀ ਸ਼ਾਂਤ ਹੋਈ ਅਤੇ ਦੋਵਾਂ ਦੇਸ਼ਾਂ ਵਿਚਕਾਰ ਸਮਝੌਤਾ ਹੋਇਆ, ਤਾਂ ਪਾਕਿਸਤਾਨ ਨੇ ਭਾਰਤੀ ਲੋਕਾਂ ਨੂੰ ਰਿਹਾਅ ਕਰ ਦਿੱਤਾ। ਪਰ ਇਸ ਯੁੱਧ ਦੌਰਾਨ, ਉਕਤ ਲੋਕਾਂ ਨੇ ਘਰਾਂ ਵਿੱਚ ਪਿਆ ਸਾਰਾ ਸਮਾਨ ਲੁੱਟ ਲਿਆ। ਇਹੀ ਕਾਰਨ ਹੈ ਕਿ ਹੁਣ ਉਹ ਉਸ ਦ੍ਰਿਸ਼ ਨੂੰ ਦੁਬਾਰਾ ਨਹੀਂ ਦੇਖਣਾ ਚਾਹੁੰਦੇ। ਜਿਸ ਕਾਰਨ ਲੋਕ ਆਪਣੇ ਘਰ ਖਾਲੀ ਕਰ ਕੇ ਸੁਰੱਖਿਅਤ ਥਾਵਾਂ 'ਤੇ ਜਾ ਰਹੇ ਹਨ।

## ਭਾਰਤ-ਪਾਕਿਸਤਾਨ ਵਿਚਾਲੇ ਗੁਰੂ ਘਰਾਂ ਲਈ ਜਾਰੀ ਹੋਇਆ ਫੁਰਮਾਨ




**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**- ਭਾਰਤ ਅਤੇ ਪਾਕਿਸਤਾਨ ਵਿਚਾਲੇ ਵੱਧ ਰਹੇ ਤਣਾਅ ਵਿਚਕਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਜੀ ਧਨੌਲਾ ਨੇ ਪੰਜਾਬ ਦੇ ਸਰਹੱਦੀ ਪਿੰਡਾਂ ਦੇ ਗੁਰੂ ਘਰਾਂ ਨੂੰ ਲੈਕੇ ਫੁਰਮਾਨ ਜਾਰੀ ਕੀਤਾ ਹੈ। ਬਾਬਾ ਟੇਕ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਖ਼ਾਲੀ ਹੋ ਚੁੱਕੇ ਪਿੰਡਾਂ ਦੇ ਗੁਰਦੁਆਰਾ ਸਾਹਿਬਾਨ 'ਚੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਸੁਰੱਖਿਅਤ ਥਾਵਾਂ 'ਤੇ ਪਹੁੰਚਾਏ ਜਾਣ ਦੀ ਅਪੀਲ ਕੀਤੀ ਹੈ। ਦੱਸ ਦਈਏ ਕਿ ਪਾਕਿਸਤਾਨ ਅਤੇ ਭਾਰਤ ਵਿਚਾਲੇ ਜੰਗ ਦੇ ਮਾਹੌਲ ਦੌਰਾਨ ਸਰਹੱਦੀ ਪਿੰਡਾਂ ਦੇ ਲੋਕ ਘਰ ਖਾਲੀ ਕਰਕੇ ਸੁਰੱਖਿਅਤ ਥਾਵਾਂ 'ਤੇ ਜਾ ਰਹੇ ਹਨ, ਜਿਸ ਤੋਂ ਬਾਅਦ ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਨੇ ਇਹ ਹੁਕਮ ਜਾਰੀ ਕੀਤੇ ਹਨ ਤੇ ਨਾਲ ਹੀ ਕਿਹਾ ਕਿ ਸਰਹੱਦੀ ਖੇਤਰਾਂ ਦੀਆਂ ਸਿੱਖ ਜਥੇਬੰਦੀਆਂ ਨੂੰ ਵੀ ਇਸ ਕਾਰਜ ਲਈ ਸਹਿਯੋਗ ਦੇਣਾ ਚਾਹੀਦਾ ਹੈ। ਇਸ ਤੋਂ ਇਲਾਵਾ ਸਰਕਾਰਾਂ ਨੂੰ ਚਾਹੀਦਾ ਹੈ ਕਿ ਸਰਹੱਦੀ ਖੇਤਰਾਂ ਦੇ ਸਾਰੇ ਹੀ ਧਾਰਮਿਕ ਸਥਾਨਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ ਅਤੇ ਇਨ੍ਹਾਂ 'ਤੇ ਹਮਲੇ ਨਹੀਂ ਹੋਣੇ ਚਾਹੀਦੇ ਕਿਉਂਕਿ ਇਹ ਧਰਮ ਦਾ ਮਾਮਲਾ ਹੈ।

## ਫਿਰੋਜ਼ਪੁਰ ਬਾਰਡਰ 'ਤੇ ਪਾਕਿ ਘੁਸਪੈਠੀਆ ਹਲਾਕ

**ਫਿਰੋਜ਼ਪੁਰ, 8 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਵਿਚਾਲੇ ਸਰਹੱਦ ਤੋਂ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਫਿਰੋਜ਼ਪੁਰ ਭਾਰਤ-ਪਾਕਿ ਸਰਹੱਦ 'ਤੇ ਬੀ.ਐੱਸ.ਐੱਫ. ਨੇ ਇਕ ਪਾਕਿਸਤਾਨੀ ਘੁਸਪੈਠੀਏ ਨੂੰ ਢੇਰ ਕਰ ਦਿੱਤਾ ਹੈ। ਇਹ ਘੁਸਪੈਠੀਆ ਭਾਰਤੀ ਸਰਹੱਦ ਅੰਦਰ ਘੁਸਪੈਠ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ। ਜਾਣਕਾਰੀ ਮੁਤਾਬਕ ਬੁੱਧਵਾਰ ਰਾਤ 2.30 ਵਜੇ ਫਿਰੋਜ਼ਪੁਰ ਦੇ ਮਮਦੋਟ 'ਚ ਸਥਿਤ ਬੀ.ਐੱਸ.ਐੱਫ. ਦੀ ਪੋਸਟ ਲੱਖਾ ਸਿੰਘ ਵਾਲਾ 'ਚ ਇਕ ਵਿਅਕਤੀ ਪਾਕਿਸਤਾਨ ਤੋਂ ਘੁਸਪੈਠ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ। ਉੱਥੇ ਮੌਜੂਦ ਬੀ.ਐੱਸ.ਐੱਫ. ਦੇ ਜਵਾਨਾਂ ਨੇ ਉਸ ਨੂੰ ਰੁਕਣ ਦੀ ਚਿਤਾਵਨੀ ਦਿੱਤੀ ਪਰ ਉਹ ਅੱਗੇ ਵੱਧਦਾ ਗਿਆ। ਇਸ ਤੋਂ ਬਾਅਦ ਬਾਅਦ ਜਵਾਨਾਂ ਨੇ ਗੋਲੀਬਾਰੀ ਦੌਰਾਨ ਉਸ ਨੂੰ ਢੇਰ ਕਰ ਦਿੱਤਾ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**


★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- **ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall**
  +447976210161
- **ਭਾਈ ਬਲਜੀਤ ਸਿਘ ਕੰਗ/Bhai Baljit Singh Kang**
  +44 7780 605230
- **ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)**
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 41ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

**1 ਮਈ ਤੋਂ 31 ਮਈ 2025 ਤੱਕ** ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

- 1 ਮਈ ਵੀਰਵਾਰ — ਜਬੋਵਾਲ — ਸ਼ਾਮ 6 ਤੋਂ 8 ਵਜੇ ਤੱਕ
- 2 ਮਈ ਸ਼ੁੱਕਰਵਾਰ — ਜੱਫਰਵਾਲ — ਸ਼ਾਮ 6 ਤੋਂ 8 ਵਜੇ ਤੱਕ
- 3 ਮਈ ਸ਼ਨੀਵਾਰ — ਗੁ: ਭਗਤਾਂ ਦਾ ਡੇਰਾ ਤਰਸਿੱਕਾ — ਸ਼ਾਮ 6 ਤੋਂ 8 ਵਜੇ ਤੱਕ
- 4 ਮਈ ਐਤਵਾਰ — ਕੋਟਲਾ ਮੂਸਾ ਨੇੜੇ ਕਾਦੀਆਂ ਡੱਲਾ ਮੋੜ — ਸ਼ਾਮ 6 ਤੋਂ 8 ਵਜੇ ਤੱਕ
- 5 ਮਈ ਸੋਮਵਾਰ — ਸੱਦਾਰੰਗ — ਸ਼ਾਮ 6 ਤੋਂ 8 ਵਜੇ ਤੱਕ
- 6 ਮਈ ਮੰਗਲਵਾਰ — ਸਹਾਇਪੁਰ — ਸ਼ਾਮ 6 ਤੋਂ 8 ਵਜੇ ਤੱਕ
- 7 ਮਈ ਬੁੱਧਵਾਰ — ਧਰਦਿਓ — ਸ਼ਾਮ 6 ਤੋਂ 8 ਵਜੇ ਤੱਕ
- 8 ਮਈ ਵੀਰਵਾਰ — ਬਾਬੋਵਾਲ — ਸ਼ਾਮ 6 ਤੋਂ 8 ਵਜੇ ਤੱਕ
- 9 ਮਈ ਸ਼ੁੱਕਰਵਾਰ — ਭਲਾਈਪੁਰ ਪੁਰਬਾ — ਸ਼ਾਮ 6 ਤੋਂ 8 ਵਜੇ ਤੱਕ
- 10 ਮਈ ਸ਼ਨੀਵਾਰ — ਗੁ: ਕੰਧ ਸਾਹਿਬ ਬਟਾਲਾ — ਸ਼ਾਮ 6 ਤੋਂ 8 ਵਜੇ ਤੱਕ
- 11 ਮਈ ਐਤਵਾਰ — ਗੁਰੂ ਕੀ ਬੇਰ ਸਾਹਿਬ ਮੱਤੇਵਾਲ — ਸ਼ਾਮ 6 ਤੋਂ 8 ਵਜੇ ਤੱਕ
- 12 ਮਈ ਸੋਮਵਾਰ — ਲੀਲ ਕਲਾਂ — ਸ਼ਾਮ 6 ਤੋਂ 8 ਵਜੇ ਤੱਕ
- 13 ਮਈ ਮੰਗਲਵਾਰ — ਸੂਸਾ — ਸ਼ਾਮ 6 ਤੋਂ 8 ਵਜੇ ਤੱਕ
- 14 ਮਈ ਬੁੱਧਵਾਰ — ਸਿਆਲਕਾ — ਸ਼ਾਮ 6 ਤੋਂ 8 ਵਜੇ ਤੱਕ
- 15 ਮਈ ਵੀਰਵਾਰ — ਚੌਣੇ — ਸ਼ਾਮ 6 ਤੋਂ 8 ਵਜੇ ਤੱਕ
- 16 ਮਈ ਸ਼ੁੱਕਰਵਾਰ — ਨਵਾਂ ਪਿੰਡ — ਸ਼ਾਮ 6 ਤੋਂ 8 ਵਜੇ ਤੱਕ
- 17 ਮਈ ਸ਼ਨੀਵਾਰ — ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ — ਸ਼ਾਮ 6 ਤੋਂ 8 ਵਜੇ ਤੱਕ
- 18 ਮਈ ਐਤਵਾਰ — ਧਰਮੂਚੱਕ — ਸ਼ਾਮ 6 ਤੋਂ 8 ਵਜੇ ਤੱਕ
- 19 ਮਈ ਸੋਮਵਾਰ — ਕਾਹਲਵਾਂ — ਸ਼ਾਮ 6 ਤੋਂ 8 ਵਜੇ ਤੱਕ
- 20 ਮਈ ਮੰਗਲਵਾਰ — ਉੱਦੋ ਨੰਗਲ ਖੁਰਦ — ਸ਼ਾਮ 6 ਤੋਂ 8 ਵਜੇ ਤੱਕ
- 21 ਮਈ ਬੁੱਧਵਾਰ — ਸਠਿਆਲਾ — ਸ਼ਾਮ 6 ਤੋਂ 8 ਵਜੇ ਤੱਕ
- 22 ਮਈ ਵੀਰਵਾਰ — ਢਪਈਆ — ਸ਼ਾਮ 6 ਤੋਂ 8 ਵਜੇ ਤੱਕ
- 23 ਮਈ ਸ਼ੁੱਕਰਵਾਰ — ਵੀਲਾ/ਮੀਕੇ — ਸ਼ਾਮ 6 ਤੋਂ 8 ਵਜੇ ਤੱਕ
- 24 ਮਈ ਸ਼ਨੀਵਾਰ — ਬੁਤਾਲਾ — ਸ਼ਾਮ 6 ਤੋਂ 8 ਵਜੇ ਤੱਕ
- 25 ਮਈ ਐਤਵਾਰ — ਖੱਬੇ ਰਾਜਪੂਤਾਂ ਸਵੇਰੇ 10 ਤੋਂ 12 ਵਜੇ ਤੱਕ; ਚੌਧਰੀਵਾਲ ਸ਼ਾਮ 7 ਤੋਂ 9 ਵਜੇ ਤੱਕ
- 26 ਮਈ ਸੋਮਵਾਰ — ਜਲਾਲ ਉਸਮਾਂ — ਸ਼ਾਮ 6 ਤੋਂ 8 ਵਜੇ ਤੱਕ
- 27 ਮਈ ਮੰਗਲਵਾਰ — ਜੇਠੂਵਾਲ — ਸ਼ਾਮ 6 ਤੋਂ 8 ਵਜੇ ਤੱਕ
- 28 ਮਈ ਬੁੱਧਵਾਰ — ਗੁ: ਰਾਮ ਥੰਮਣ ਸਾਹਿਬ ਮਨੇਸ਼ — ਸ਼ਾਮ 6 ਤੋਂ 8 ਵਜੇ ਤੱਕ
- 29 ਮਈ ਵੀਰਵਾਰ — ਮੈਹਣੀਆ ਕੁਹਾਰਾ — ਸ਼ਾਮ 6 ਤੋਂ 8 ਵਜੇ ਤੱਕ
- 30 ਮਈ ਸ਼ੁੱਕਰਵਾਰ — ਮਹਿਤਾ ਚੌਂਕ — ਸ਼ਾਮ 6 ਤੋਂ 8 ਵਜੇ ਤੱਕ
- 31 ਮਈ ਸ਼ਨੀਵਾਰ — ਚਾਟੀਵਿੰਡ — ਸ਼ਾਮ 6 ਤੋਂ 8 ਵਜੇ ਤੱਕ

1-2-3-4-5 ਜੂਨ 2025 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

**ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2025, ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ**

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

**ਸੰਪਰਕ: 99158-00904, 97793-10040, 95171-76191, 84376-91626**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

### ਅਸੀਂ ਜੰਗ ਦੇ ਵਿਰੁੱਧ ਅਤੇ ਨਿਰਪੱਖ ਹਾਂ, ਫਿਰ ਪੁੰਛ ਤੇ ਰਜੌਰੀ ਵਿਚ

# ਪਾਕਿਸਤਾਨ ਫ਼ੌਜ ਜਾਂ ਇੰਡੀਅਨ ਫ਼ੌਜ ਸਿੱਖ ਪਰਿਵਾਰਾਂ ਨੂੰ ਕਿਉਂ ਨਿਸ਼ਾਨਾਂ ਬਣਾ ਰਹੀ ਹੈ ? : ਮਾਨ



**ਨਵੀਂ ਦਿੱਲੀ, 8 ਮਈ (ਮਨਪ੍ਰੀਤ ਸਿੰਘ ਖਾਲਸਾ):-** "ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਸਿੱਖ ਕੌਮ ਤਾਂ ਹਰ ਤਰ੍ਹਾਂ ਦੀਆਂ ਜੰਗਾਂ-ਯੁੱਧਾਂ ਦੇ ਇਸ ਲਈ ਪੂਰਨ ਤੌਰ ਤੇ ਵਿਰੁੱਧ ਹੈ ਕਿਉਂਕਿ ਜੰਗਾਂ-

ਆਵਾਜ਼ਿ ਕੌਮ AWAZE QAUM International Newspaper & WEB TV

ਯੁੱਧਾਂ ਨਾਲ ਤਾਂ ਨਿਰਦੋਸ਼ਾਂ, ਮਾਸੂਮਾਂ ਦੀਆਂ ਅਜਾਈ ਜਾਨਾਂ ਜਾਂਦੀਆ ਹਨ ਅਤੇ ਇਸਦੇ ਨਾਲ ਹੀ ਇਨਸਾਨੀਅਤ ਅਤੇ ਮਾਲੀ ਹਾਲਾਤਾਂ ਨੂੰ ਵੀ ਵੱਡੀ ਡੂੰਘੀ ਸੱਟ ਪਹੁੰਚਦੀ ਹੈ । ਜਦੋ ਅਸੀ ਕਿਸੇ ਤਰ੍ਹਾਂ ਦੀ ਜੰਗ ਦੇ ਹੱਕ ਵਿਚ ਨਹੀ ਹਾਂ ਅਤੇ ਨਿਰਪੱਖ ਹਾਂ, ਫਿਰ ਹੁਣ ਜ਼ਬਰੀ ਪੰਜਾਬੀਆਂ ਤੇ ਕਸ਼ਮੀਰੀਆਂ ਉਤੇ ਥੋਪੀ ਜਾ ਰਹੀ ਜੰਗ ਵਿਚ ਪਾਕਿਸਤਾਨ ਫ਼ੌਜ ਜਾਂ ਇੰਡੀਅਨ ਫ਼ੌਜ ਵੱਲੋ ਰਜੌਰੀ ਤੇ ਪੂੰਛ ਵਿਚ ਗੁਰੂਘਰਾਂ ਤੇ ਸਿੱਖ ਪਰਿਵਾਰਾਂ ਨੂੰ ਨੁਕਸਾਨ ਪਹੁੰਚਾਉਣ ਅਤੇ ਸਿੱਖਾਂ ਨੂੰ ਮੌਤ ਦੇ ਮੂੰਹ ਵਿਚ ਧਕੇਲਣ ਦੇ ਅਣਮਨੁੱਖੀ ਗੈਰ ਇਨਸਾਨੀ ਅਮਲ ਕਿਉਂ ਕੀਤੇ ਜਾ ਰਹੇ ਹਨ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੂਛ ਤੇ ਰਜੌਰੀ ਵਿਚ ਇੰਡੀਆ ਤੇ ਪਾਕਿਸਤਾਨ ਦੀ ਸੁਰੂ ਹੋਈ ਜੰਗ ਵਿਚ ਗੁਰੂਘਰਾਂ ਅਤੇ ਸਿੱਖ ਪਰਿਵਾਰਾਂ ਨੂੰ ਨਿਸ਼ਾਨਾਂ ਬਣਾਏ ਜਾਣ ਉਤੇ ਡੂੰਘਾਂ ਦੁੱਖ ਜਾਹਰ ਕਰਦੇ ਹੋਏ ਅਤੇ ਇਸ ਗੈਰ ਇਨਸਾਨੀ ਅਮਲ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਅੱਜ ਤੱਕ ਜਦੋ ਪਹਿਲਗਾਮ ਵਿਚ 26 ਜਾਨਾਂ ਦੇ ਮਾਰੇ ਜਾਣ ਵਾਲੇ ਦੁਖਾਂਤ ਦੇ ਪਿੱਛੇ ਕਿਹੜੀ ਤਾਕਤ ਤੇ ਸਾਜਿਸ ਹੈ, ਉਸਦਾ ਹੀ ਸੱਚ ਸਾਹਮਣੇ ਨਹੀ ਆਇਆ ਤਾਂ ਗੋਦੀ ਤੇ ਹਿੰਦੂਤਵ ਮੀਡੀਏ ਉਤੇ ਬਿਨ੍ਹਾਂ ਕਿਸੇ ਤੱਥਾਂ ਤੇ ਗੁਆਢੀ ਮੁਲਕ ਪਾਕਿਸਤਾਨ ਉਤੇ ਦੋਸ਼ ਲਗਾਉਣ ਦਾ ਪ੍ਰਚਾਰ ਕਰਕੇ ਚੜ੍ਹਦੇ ਅਤੇ ਲਹਿੰਦੇ ਪੰਜਾਬ ਦੇ ਨਿਰਦੋਸ਼ ਮਾਸੂਮ ਨਿਵਾਸੀਆ ਦੀਆਂ ਜਿੰਦਗਾਨੀਆਂ ਨਾਲ ਖਿਲਵਾੜ ਕਰਦੇ ਹੋਏ ਜੰਗ ਲਗਾਉਣ ਦੀ ਕੋਈ ਦਲੀਲ ਤੁੱਕ ਨਹੀ ਬਣਦੀ । ਫਿਰ ਜੋ ਕੌਮ ਨਾ ਪਾਕਿਸਤਾਨੀਆਂ ਵੱਲੋ ਕੀਤੀ ਜਾਣ ਵਾਲੀ ਜੰਗ ਦੇ ਹੱਕ ਵਿਚ ਹੈ ਨਾ ਹੀ ਇੰਡੀਆ ਵੱਲੋ ਲਗਾਈ ਗਈ ਜੰਗ ਦੇ ਹੱਕ ਵਿਚ ਹੈ । ਫਿਰ ਉਨ੍ਹਾਂ ਨੂੰ ਨਿਸ਼ਾਨਾਂ ਬਣਾਕੇ ਮੌਤ ਦੇ ਮੂੰਹ ਵਿਚ ਧਕੇਲਣ ਦੇ ਅਮਲ ਅਤੇ ਸਾਡੇ ਗੁਰੂਘਰਾਂ ਉਤੇ ਬੰਬਾਰਮੈਂਟ ਕਰਨ ਦੀ ਕਾਰਵਾਈ ਗੈਰ ਇਨਸਾਨੀਅਤ, ਗੈਰ ਧਾਰਮਿਕ ਅਤੇ ਮਨੁੱਖੀ ਅਧਿਕਾਰਾਂ ਦਾ ਘੋਰ ਉਲੰਘਣ ਕਰਨ ਵਾਲੇ ਕੌਮਾਂਤਰੀ ਨਿਯਮਾਂ ਦਾ ਘਾਣ ਕਰਨ ਦੇ ਤੁੱਲ ਕਾਰਵਾਈਆ ਹਨ । ਸ. ਮਾਨ ਨੇ ਕੌਮਾਂਤਰੀ ਪੱਧਰ ਦੀ ਯੂ.ਐਨ. ਸੰਸਥਾਂ ਨੂੰ ਮਨੁੱਖੀ ਅਧਿਕਾਰਾਂ ਦੇ ਬਿਨ੍ਹਾਂ ਤੇ ਇਹ ਜੋਰਦਾਰ ਅਪੀਲ ਕਰਦੇ ਹੋਏ ਕਿਹਾ ਕਿ ਜਦੋ ਸਿੱਖ ਕੌਮ ਦਾ ਇਸ ਜੰਗ ਵਿਚ ਕੋਈ ਦਿਲਚਸਪੀ ਨਹੀ ਅਤੇ ਨਾ ਹੀ ਅਜਿਹੇ ਗੈਰ ਇਨਸਾਨੀ ਅਮਲਾਂ ਦੇ ਹੱਕ ਵਿਚ ਹੈ ਫਿਰ ਪੂੰਛ ਤੇ ਰਜੌਰੀ (ਜੰਮੂ ਕਸਮੀਰ) ਵਿਚ ਪਾਕਿਸਤਾਨ ਫ਼ੌਜ ਵੱਲੋ ਜਾਂ ਇੰਡੀਆ ਫ਼ੌਜ ਵੱਲੋ ਹੋਈ ਬੰਬਾਰਮੈਂਟ ਜਾਂ ਗੋਲਾਬਾਰੀ ਦੌਰਾਨ ਜੋ ਗੁਰੂਘਰ ਤੇ ਸਿੱਖ ਪਰਿਵਾਰਾਂ ਨੂੰ ਨਿਸ਼ਾਨਾਂ ਬਣਾਕੇ ਮੌਤ ਦੇ ਮੂੰਹ ਵਿਚ ਧਕੇਲ ਦਿੱਤਾ ਗਿਆ ਹੈ ਉਸਦੀ ਨਿਰਪੱਖਤਾ ਨਾਲ ਜਾਂਚ ਵੀ ਕੀਤੀ ਜਾਵੇ ਅਤੇ ਸਿੱਖ ਕੌਮ ਉਤੇ ਹੋ ਰਹੇ ਇਸ ਜ਼ਬਰ ਜੁਲਮ ਨੂੰ ਤੁਰੰਤ ਰੋਕਣ ਲਈ ਇੰਡੀਆ ਤੇ ਪਾਕਿਸਤਾਨ ਦੀਆਂ ਹਕੂਮਤਾਂ ਨੂੰ ਕੌਮਾਂਤਰੀ ਕਾਨੂੰਨਾਂ ਤੇ ਨਿਯਮਾਂ ਅਧੀਨ ਕਾਰਵਾਈ ਕਰਦੇ ਹੋਏ ਇਹ ਜ਼ਬਰ ਬੰਦ ਕਰਵਾਇਆ ਜਾਵੇ । ਤਾਂ ਕਿ ਇਸ ਜੰਗ ਵਿਚ ਕੋਈ ਵੀ ਮੁਲਕ ਜਾਂ ਫ਼ੌਜ 'ਸਰਬੱਤ ਦਾ ਭਲਾ' ਲੋੜਨ ਵਾਲੀ ਅਤੇ ਇਨਸਾਨੀਅਤ ਕਦਰਾਂ ਕੀਮਤਾਂ ਦੀ ਹਾਮੀ ਸਿੱਖ ਕੌਮ ਦਾ ਕਿਸੇ ਵੀ ਰੂਪ ਵਿਚ ਜਾਨੀ-ਮਾਲੀ ਨੁਕਸਾਨ ਕਰਨ ਦੀ ਗੁਸਤਾਖੀ ਨਾ ਕਰ ਸਕੇ।

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ "ਆਤਮ-ਮੰਥਨ" ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ

# ਸਮਰਪੱਣ, ਸਵੈ-ਵਿਸ਼ਵਾਸ ਤੇ ਪੱਕਾ ਇਰਾਦਾ ਸਫਲਤਾ ਦੀ ਕੁੰਜੀ- ਡਾ. ਚਰਨਜੋਤ ਸਿੰਘ ਨੰਦਾ



**ਤਲਵੰਡੀ ਸਾਬੋ, 8 ਮਈ (ਗੁਰਜੰਟ ਸਿੰਘ ਨਥੇਹਾ)-** ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫ਼ੈਕਲਟੀ ਆਫ਼ ਮੈਨੇਜਮੈਂਟ ਐਂਡ ਕਾਮਰਸ ਵੱਲੋਂ "ਆਤਮ-ਮੰਥਨ" ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸੀ.ਏ. ਚਰਨਜੋਤ ਸਿੰਘ ਨੰਦਾ, ਪ੍ਰਧਾਨ, ਦੀ ਇੰਸਟੀਚਿਉਟ ਆਫ਼ ਚਾਰਟਡ ਅਕਾਉਂਟੈਂਟਸ ਆਫ਼ ਇੰਡੀਆ (ਆਈ.ਸੀ.ਏ.ਆਈ.) ਨੇ ਬਤੌਰ ਮੁੱਖ ਮਹਿਮਾਨ, ਮੁੱਖ ਬੁਲਾਰੇ ਤੇ ਸੀ.ਏ. ਦਰਪਣ ਕੁਮਾਰ, ਚੇਅਰਮੈਨ ਬਠਿੰਡਾ ਬ੍ਰਾਂਚ ਆਫ਼ ਆਈ.ਸੀ.ਏ.ਆਈ. ਨੇ




ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰੋ. (ਡਾ.) ਰਾਮੇਸ਼ਵਰ ਸਿੰਘ, ਉਪ ਕੁਲਪਤੀ, ਡਾ. ਪੀਯੂਸ਼ ਵਰਮਾ, ਰਜਿਸਟਰਾਰ, ਡਾ. ਆਰ.ਪੀ.ਸਹਾਰਨ, ਡੀਨ ਅਕਾਦਮਿਕ, ਡਾ. ਅਸ਼ਵਨੀ ਸੇਠੀ, ਡਾਇਰੈਕਟਰ ਯੋਜਨਾ ਤੇ ਵਿਕਾਸ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਮੁੱਖ ਬੁਲਾਰੇ ਡਾ. ਨੰਦਾ ਨੇ ਵਿਦਿਆਰਥੀਆਂ ਨੂੰ ਆਪਣੇ ਪ੍ਰੇਰਣਾਦਾਈ ਸੰਬੋਧਨ ਵਿੱਚ ਕਿਹਾ ਕਿ ਵਿਅਕਤੀ ਦਾ ਦ੍ਰਿਸ਼ਟੀਕੋਣ ਤੇ ਆਤਮ ਵਿਸ਼ਵਾਸ ਕਿਸੇ ਵੀ ਕੰਮ ਦਾ ਨਤੀਜਾ ਨਿਸ਼ਚਿਤ ਕਰਦਾ ਹੈ ਇਸ ਲਈ ਉਨ੍ਹਾਂ ਸਾਰਿਆਂ ਨੂੰ ਪੱਕੇ ਇਰਾਦੇ ਨਾਲ ਆਪਣਾ-ਆਪਣਾ ਕੰਮ ਜਾਂ ਆਪਣੇ ਪ੍ਰੋਜੈਕਟ ਪੂਰੇ ਕਰਨ ਦਾ ਮਸ਼ਵਰਾ ਦਿੱਤਾ। ਉਨ੍ਹਾਂ ਕਿਹਾ ਕਿ ਕਾਮਯਾਬੀ ਲਈ ਆਪਣੇ ਕੰਮ ਨਾਲ ਮੁਹੱਬਤ ਕਰਨਾ ਅਤਿ ਜ਼ਰੂਰੀ ਹੈ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਆਪਣੇ ਮਾਂ ਬਾਪ ਦਾ ਸਨਮਾਨ ਕਰਨ ਦੀ ਪ੍ਰੇਰਣਾ ਵੀ ਦਿੱਤੀ। ਉਨ੍ਹਾਂ ਇਹ ਵੀ ਕਿਹਾ ਕਿ ਜ਼ਿੰਦਗੀ ਵਿੱਚ ਕਾਮਯਾਬੀ ਲਈ ਫਰਾਖ਼ ਦਿਲ ਦਾ ਹੋਣਾ ਜ਼ਰੂਰੀ ਹੈ। ਉਨ੍ਹਾਂ ਦੂਜਿਆਂ ਦੀਆਂ ਗਲਤੀਆਂ ਨੂੰ ਮਾਫ਼ ਕਰਦੇ ਹੋਏ ਭੁੱਲ ਜਾਣ ਦਾ ਮਸ਼ਵਰਾ ਦਿੱਤਾ। ਉਨ੍ਹਾਂ ਅਨੁਸਾਰ ਦੁਨੀਆਂ ਕੋਸ਼ਿਸ਼ਾਂ ਦੀ ਨਹੀਂ ਸਗੋਂ ਨਤੀਜਿਆਂ ਦੀ ਕਦਰ ਕਰਦੀ ਹੈ। ਇਸ ਲਈ ਜਿੰਨ੍ਹੀ ਦੇਰ ਤੱਕ ਮੰਜ਼ਿਲ ਨਾ ਮਿਲੇ ਪਾਂਧੀ ਨੂੰ ਰੁਕਣਾ ਨਹੀਂ ਚਾਹੀਦਾ। ਉੱਪ ਕੁਲਪਤੀ ਡਾ. ਸਿੰਘ ਨੇ ਮੁੱਖ ਮਹਿਮਾਨ ਵੱਲੋਂ ਵਰਸਿਟੀ ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਲਈ ਆਈ.ਸੀ.ਏ.ਆਈ. ਨਾਲ ਕੀਤੇ ਦੁਵੱਲੇ ਸਮਝੌਤੇ ਲਈ ਪ੍ਰਗਟਾਈ ਸਹਿਮਤੀ ਲਈ ਧੰਨਵਾਦ ਕੀਤਾ। ਉਨ੍ਹਾਂ ਬਾਜ਼ਾਰ ਵਿੱਚ ਪੈਦਾ ਹੋ ਰਹੀਆਂ ਨਵੀਆਂ ਸੰਭਾਵਨਾਵਾਂ ਤੇ ਰੁਜ਼ਗਾਰ ਦੇ ਮੌਕਿਆਂ ਬਾਰੇ ਵਿਦਿਆਰਥੀਆਂ ਦੇ ਮਾਰਗ ਦਰਸ਼ਨ ਲਈ ਆਈ.ਸੀ.ਏ.ਆਈ. ਵੱਲੋਂ ਸ੍ਵੈ ਇੱਛਾ ਨਾਲ ਪੇਸ਼ ਕੀਤੀਆਂ ਸੇਵਾਵਾਂ ਅਤੇ ਆਯੋਜਿਤ ਕੀਤੇ ਜਾਣ ਵਾਲੇ ਸੈਮੀਨਾਰਾਂ ਦਾ ਸਵਾਗਤ ਕੀਤਾ। ਡਾ. ਵਰਮਾ ਨੇ ਮੁੱਖ ਬੁਲਾਰੇ ਵੱਲੋਂ ਜ਼ਿੰਦਗੀ ਦੇ ਤਜ਼ਰਬਿਆਂ ਰਾਹੀਂ ਸਾਂਝੇ ਕੀਤੇ ਗਏ ਜੀਵਨ ਦੇ ਫਲਸਫ਼ੇ ਅਤੇ ਮਾਰਗ ਦਰਸ਼ਨ ਲਈ ਧੰਨਵਾਦ ਕੀਤਾ। ਡਾ. ਨਵਨੀਤ ਸੇਠ ਡੀਨ ਨੇ ਮੁੱਖ ਮਹਿਮਾਨ ਅਤੇ ਪਤਵੰਤਿਆਂ ਦੀ ਜਾਣ ਪਛਾਣ ਕਰਵਾਉਂਦੇ ਹੋਏ ਦੱਸਿਆ ਕਿ ਪ੍ਰਬੰਧਨ ਅਤੇ ਕਾਮਰਸ ਦੇ ਖੇਤਰ ਵਿੱਚ ਵਰਤਮਾਨ ਸਮੇਂ ਆਰਥਿਕ ਅਤੇ ਸਮਾਜਿਕ ਤਰੱਕੀ ਦੇ ਬਹੁਤ ਮੌਕੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਸਮੇਂ ਅਤੇ ਉਦਯੋਗਾਂ ਦੀ ਲੋੜ ਅਨੁਸਾਰ ਆਪਣੇ ਆਪ ਨੂੰ ਅੱਪਡੇਟ ਰੱਖਣ ਦੀ ਸਲਾਹ ਦਿੱਤੀ। ਆਯੋਜਕਾਂ ਵੱਲੋਂ ਮੁੱਖ ਮਹਿਮਾਨ ਅਤੇ ਪਤਵੰਤਿਆਂ ਨੂੰ ਯਾਦਾਸ਼ਤ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਖ-ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰ ਅਤੇ ਲਗਭਗ 300 ਵਿਦਿਆਰਥੀਆਂ ਨੇ ਹਿੱਸਾ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਅਧਿਆਪਕਾਂ ਦੀਆਂ ਮੰਗਾਂ ਸਬੰਧੀ ਡੀਟੀਐੱਫ ਦੇ ਵਫਦ ਵੱਲੋਂ ਬੀ.ਪੀ.ਈ.ਓ ਤਲਵੰਡੀ ਸਾਬੋ ਨੂੰ ਦਿੱਤਾ ਮੰਗ ਪੱਤਰ



**ਤਲਵੰਡੀਸਾਬੋ, 8 ਮਈ (ਗੁਰਜੰਟ ਸਿੰਘ ਨਥੇਹਾ)-** ਬਲਾਕ ਤਲਵੰਡੀ ਸਾਬੋ ਦੇ ਪ੍ਰਾਇਮਰੀ ਅਧਿਆਪਕਾਂ ਦੀਆਂ ਮੰਗਾਂ ਸਬੰਧੀ ਡੈਮੋਕਰੈਟਿਕ ਟੀਚਰਜ਼ ਫਰੰਟ ਪੰਜਾਬ ਬਲਾਕ ਤਲਵੰਡੀ ਸਾਬੋ ਦਾ ਵਫਦ ਬਲਾਕ ਪ੍ਰਧਾਨ ਭੋਲਾ ਤਲਵੰਡੀ ਅਤੇ ਰਣਦੀਪ ਕੌਰ ਖਾਲਸਾ, ਬਲਾਕ ਸਕੱਤਰ ਦੀ ਅਗਵਾਈ ਹੇਠ ਬੀ.ਪੀ.ਈ.ਓ ਦਫਤਰ ਵਿੱਚ ਹਾਜ਼ਰ ਅਧਿਕਾਰੀ ਅਜੇ ਕੁਮਾਰ ਨੂੰ ਮਿਲਿਆ। ਮੀਟਿੰਗ ਦੌਰਾਨ ਜਥੇਬੰਦੀ ਨੇ ਬੀ.ਪੀ.ਈ.ਓ ਤੋਂ ਮੰਗ ਕੀਤੀ ਕਿ ਤਲਵੰਡੀ ਸਾਬੋ ਬਲਾਕ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਰਾਜਨੀਤਿਕ ਦਖਲ ਅੰਦਾਜੀ ਬੰਦ ਕਰਕੇ ਅਧਿਆਪਕਾਂ ਦੇ ਡੈਪੂਟੇਸ਼ਨ, ਉਨ੍ਹਾਂ ਦੀ ਸਹਿਮਤੀ ਨਾਲ ਕੀਤੇ ਜਾਣ। ਜਥੇਬੰਦੀ ਵੱਲੋਂ ਮੰਗ ਕੀਤੀ ਗਈ ਕਿ ਡੈਪੂਟੇਸ਼ਨ 'ਤੇ ਗਏ ਅਧਿਆਪਕਾਂ ਦੇ ਡੈਪੂਟੇਸ਼ਨ ਰੱਦ ਕਰਕੇ ਉਹਨਾਂ ਨੂੰ ਪਿਤਰੀ ਸਕੂਲਾਂ ਵਿੱਚ ਭੇਜਿਆ ਜਾਵੇ।ਇਸ ਤੋਂ ਇਲਾਵਾ ਜਥੇਬੰਦੀ ਵੱਲੋਂ ਇਨਕਮ ਟੈਕਸ ਰਿਟਰਨ ਭਰਨ ਲਈ ਜਲਦੀ ਤੋਂ ਜਲਦੀ ਅਧਿਆਪਕਾਂ ਨੂੰ 16 ਨੰਬਰ ਫਾਰਮ, ਤਨਖਾਹ ਦੇ ਬਿੱਲ ਸਹੀ ਸਮੇਂ 'ਤੇ ਬਣਾ ਕੇ ਖਜ਼ਾਨਾ ਦਫਤਰ ਪੁੱਜਦੇ ਕਰਨ, ਬਲਾਕ ਦੇ ਸਕੂਲਾਂ ਵਿੱਚ ਡੈਪੂਟੇਸ਼ਨ ਕਰਨ ਦੇ ਸਹੀ ਮਾਪਦੰਡ ਬਣਾਉਣ ਤੋਂ ਇਲਾਵਾ ਹੋਰ ਮੰਗਾਂ 'ਤੇ ਵਿਚਾਰ ਚਰਚਾ ਕੀਤੀ ਗਈ। ਬਲਾਕ ਅਧਿਕਾਰੀ ਵੱਲੋਂ ਅਧਿਆਪਕਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਸਬੰਧਤ ਅਧਿਕਾਰੀ ਤੱਕ ਪੁਜਦਾ ਕਰਕੇ ਮੰਗਾਂ ਮੰਨਣ ਦਾ ਭਰੋਸਾ ਦਿੱਤਾ। ਅੱਜ ਦੇ ਵਫਦ ਵਿੱਚ ਬਲਾਕ ਕਮੇਟੀ ਮੈਂਬਰ ਗੁਰਬਾਜ ਸਿੰਘ ਸਿੰਘ, ਸੀਐੱਚਟੀ ਪਰਮਜੀਤ ਸਿੰਘ ਸੰਗਤ, ਹਰਸ਼ਰਨ ਸਿੰਘ, ਜਸਕਰਨ ਸਿੰਘ, ਵਿਨੀਤ ਕੁਮਾਰ, ਦਰਸ਼ਨ ਸਿੰਘ, ਰੂਪ ਸਿੰਘ, ਮੈਂਗਲ ਸਿੰਘ, ਯਾਦਵਿੰਦਰ ਸਿੰਘ ਆਦਿ ਅਧਿਆਪਕ ਆਗੂ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜੰਗ ਮਨੁੱਖਤਾ ਲਈ ਹਮੇਸ਼ਾ ਹੀ ਖਤਰਨਾਕ ਗੁਰਦੁਆਰਾ ਸਾਹਿਬ ਤੇ ਕੀਤਾ ਹਮਲਾ ਅਤਿ ਨਿੰਦਣਯੋਗ ਹਰਪੁਰਾ



**ਚੰਡੀਗੜ੍ਹ ( ਰਣਜੀਤ ਸਿੰਘ ਪੇਧਨੀ )-** ਭਾਰਤ ਤੇ ਪਾਕਿਸਤਾਨ ਵਿਚਕਾਰ ਪੈਦਾ ਹੋਈ ਤਲਖ਼ੀ ਅਤੇ ਇੱਕ ਦੂਜੇ ਉੱਤੇ ਕੀਤੇ ਗਏ ਹਮਲਿਆਂ ਦੌਰਾਨ ਕਸ਼ਮੀਰ ਦੇ ਪੁੰਛ ਖੇਤਰ ਵਿੱਚ ਮਾਰੇ ਗਏ ਸਿੱਖਾਂ ਤੇ ਹੋਰ ਲੋਕਾਂ ਅਤੇ ਗੁਰਦੁਆਰਾ ਸਾਹਿਬ ਉੱਤੇ ਕੀਤੇ ਗਏ ਹਮਲੇ ਦੀ ਕਾਰਵਾਈ ਦੀ ਕਰੜੀ ਨਿੰਦਾ ਕਰਦਿਆਂ ਉੱਘੇ ਸਮਾਜ ਸੇਵੀ ਜਸਵੰਤ ਸਿੰਘ ਹਰਪੁਰਾ (ਯੂ ਐਸ ਏ) ਨੇ ਕਿਹਾ ਕਿ ਭਾਰਤ ਵੱਲੋਂ ਕੀਤੇ ਗਏ ਆਪ੍ਰੇਸ਼ਨ ਸਿਧੂਰ ਦੇ ਜਵਾਬੀ ਹਮਲੇ ਵਿੱਚ ਪਾਕਿਸਤਾਨ ਵੱਲੋਂ ਪੁੰਛ ਵਿਖੇ ਕੀਤੀ ਗਈ ਗੋਲਾਬਾਰੀ ਵਿੱਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਕੇਂਦਰੀ ਉੱਤੇ ਹਮਲਾ ਕੀਤਾ ਗਿਆ ਹੈ, ਜਿਸ ਵਿੱਚ ਇੱਕ ਰਾਗੀ ਸਿੰਘ ਸਮੇਤ ਕਈ ਸਿੱਖ ਨੌਜਵਾਨ ਮਾਰੇ ਗਏ ਹਨ। ਇਸ ਦੌਰਾਨ ਪੁੰਛ ਵਿਖੇ ਹੋਰ ਲੋਕਾਂ ਦੇ ਮਾਰੇ ਜਾਣ ਦੀ ਗੱਲ ਵੀ ਸਾਹਮਣੇ ਆਈ ਹੈ। ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਤੁਰੰਤ ਸ਼ਾਂਤੀ ਬਹਾਲ ਕਰਨ ਲਈ ਸੰਜੀਦਾ ਯਤਨ ਕਰਨੇ ਚਾਹੀਦੇ ਹਨ। ਜੰਗ ਹਮੇਸ਼ਾ ਹੀ ਮਨੁੱਖਤਾ ਦਾ ਵੱਡਾ ਘਾਣ ਕਰਦੀ ਹੈ ਜਿਸ ਵਿੱਚ ਬੇਗੁਨਾਹ ਲੋਕ ਵੀ ਵੱਡੀ ਗਿਣਤੀ ਵਿੱਚ ਮਾਰੇ ਜਾਂਦੇ ਹਨ। ਇਸ ਲਈ ਮੌਜੂਦਾ ਸਥਿਤੀ ਨੂੰ ਸ਼ਾਂਤੀਪੂਰਵਕ ਕਰਨ ਲਈ ਵੱਧ ਤੋਂ ਵੱਧ ਯਤਨ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ਾਂ ਨੇ 1947 ਤੋਂ ਲੈ ਕੇ ਹੁਣ ਤੱਕ ਆਪਸੀ ਕੁੜੱਤਣ ਕਾਰਨ ਵੱਡੇ ਨੁਕਸਾਨ ਝੱਲੇ ਹਨ, ਜਿਸ ਵਿੱਚ ਖ਼ਾਸਕਰ ਪੰਜਾਬ ਤੇ ਜੰਮੂ ਕਸ਼ਮੀਰ ਦੇ ਹਿੰਦੂ ਤੇ ਸਿੱਖਾਂ ਦਾ ਵੱਡਾ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਬਾਰਡਰ ਉੱਤੇ ਵੱਸਦੇ ਲੋਕ ਇਸ ਤਣਾਅ ਵਾਲੀ ਸਥਿਤੀ ਵਿੱਚ ਇੱਕ ਦੂਜੇ ਦਾ ਸਾਥ ਦੇਣ ਅਤੇ ਗੁਰਬਾਣੀ ਦਾ ਓਟ ਆਸਰਾ ਲੈ ਕੇ ਹੌਸਲਾ ਬਣਾਈ ਰੱਖਣ ਅਤੇ ਸ਼ਾਂਤੀ ਬਹਾਲੀ ਲਈ ਅਕਾਲ ਪੁਰਖ ਅੱਗੇ ਅਰਦਾਸ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਅਤੇ ਉਤਸ਼ਾਹ ਵਧਾਉਣ ਲਈ ਪੰਥ ਨੂੰ ਵੱਡੇ ਪੱਧਰ ਤੇ ਉਪਰਾਲੇ ਕਰਣ ਦੀ ਸਖ਼ਤ ਜਰੂਰਤ: ਪਰਮਜੀਤ ਸਿੰਘ ਵੀਰਜੀ

## ਗੁਰੂਬਾਣੀ ਰਿਸਰਚ ਫਾਉਂਡੇਸ਼ਨ ਵਲੋਂ ਹਰਲੀਨ ਕੌਰ ਨੂੰ ਕੀਰਤਨ ਸਿੱਖਣ ਲਈ ਮਿਲਿਆ ਹਰਮੋਨੀਅਮ

**ਨਵੀਂ ਦਿੱਲੀ, 8 ਮਈ (ਮਨਪ੍ਰੀਤ ਸਿੰਘ ਖਾਲਸਾ):-**ਸਿੱਖਾਂ ਦੀ ਧਾਰਮਿਕ ਸੰਸਥਾ "ਗੁਰੂਬਾਣੀ ਰਿਸਰਚ ਫਾਊਂਡੇਸ਼ਨ" ਦੇ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਵੱਲੋਂ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਵਾਸਤੇ ਤਹਿਤ ਵਿਸ਼ੇਸ਼ ਉਪਰਾਲੇ ਕੀਤੇ ਜਾਂਦੇ ਹਨ । ਪਰਮਜੀਤ ਸਿੰਘ ਵੀਰਜੀ ਵੱਲੋਂ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਵਾਸਤੇ ਇਕ ਨਵੇਕਲਾ ਉਪਰਾਲਾ ਕਰਦੇ ਹੋਏ "ਗੁਰਬਾਣੀ ਕੰਠ ਚੇਤਨਾ ਲਹਿਰ" ਚਲਾਈ ਗਈ ਜਿਸ ਵਿਚ ਪੰਜ ਸੌ ਦੇ ਕਰੀਬ ਬੱਚਿਆਂ ਨੇ ਵੱਖ ਵੱਖ ਪੜਾਵਾਂ ਅੰਦਰ ਗੁਰਬਾਣੀ ਦੇ ਵੱਖ ਵੱਖ ਪਾਠ ਨੂੰ ਕੰਠ ਸੁਣਾਇਆ ਸੀ ਤੇ ਵੱਡੇ ਛੋਟੇ ਹਜਾਰਾਂ ਦੀ ਗਿਣਤੀ ਅੰਦਰ ਇਨਾਮ ਪ੍ਰਾਪਤ ਕੀਤੇ ਸਨ । ਵੀਰਜੀ ਵਲੋਂ ਚਲਾਈ ਗਈ "ਗੁਰੂਬਾਣੀ ਕੰਠ ਚੇਤਨਾ ਲਹਿਰ" ਵਿਚ ਇਕ ਬੱਚੀ ਹਰਲੀਨ ਕੌਰ ਜਿਸ ਨੇ ਬੇਅੰਤ ਬਾਣੀਆਂ ਨੂੰ ਕੰਠ ਸੁਣਾ ਕੇ ਪਹਿਲੀ ਕਤਾਰ ਦੇ ਇਨਾਮਾਂ ਵਿਚ ਆਪਣਾ ਨਾਮ ਦਰਜ਼ ਕਰਵਾ ਲਿਆ ਸੀ । ਜਦੋ ਹਰਲੀਨ ਕੌਰ ਨੂੰ ਮਿਲਣ ਵਾਲੇ ਇਨਾਮਾਂ ਬਾਰੇ ਦਸਿਆ ਗਿਆ ਤਾਂ ਓਸ ਨੇ ਪ੍ਰਬੰਧਕਾਂ ਨੂੰ ਕੀਰਤਨ ਸਿੱਖਣ ਲਈ ਹਰਮੋਨੀਅਮ ਦੀ ਜਰੂਰਤ ਦਸੀ ਜਿਸ ਤੇ ਪਰਮਜੀਤ ਸਿੰਘ ਵੀਰਜੀ ਨੇ ਓਸ ਨੂੰ ਹਰਮੋਨੀਅਮ ਦੇ ਕੇ ਬੱਚੀ ਨੂੰ ਕੀਰਤਨ ਨਾਲ ਜੁੜ ਕੇ ਗੁਰਬਾਣੀ ਦੇ ਪ੍ਰਚਾਰ ਹਿੱਤ ਓਸ ਦੀ ਦਿਲ ਦੀ ਇੱਛਾ ਪੂਰੀ ਕਰ ਦਿੱਤੀ । ਇਸ ਬਾਰੇ ਹਰਲੀਨ ਕੌਰ ਦਸਦੀ ਹੈ ਕਿ ਓਸ ਦੀ ਇੱਛਾ ਸੀ ਕਿ ਆਪਣੇ ਦਮ ਤੇ ਹਰਮੋਨੀਅਮ ਨੂੰ ਪ੍ਰਾਪਤ ਕਰੇ ਤੇ ਜਦੋ ਓਸ ਨੂੰ ਗੁਰੂਬਾਣੀ ਕੰਠ ਚੇਤਨਾ ਲਹਿਰ ਦਾ ਪਤਾ ਲਗਿਆ ਤਦ ਪਹਿਲੀ ਕਤਾਰ ਦੇ ਇਨਾਮ ਹਾਸਿਲ ਕਰਣ ਲਈ ਮਿਹਨਤ ਕਰਣ ਲਗ ਪਈ ਸੀ ਅੰਤ ਵਿਚ ਅਕਾਲ ਪੁਰਖ ਆਪ ਸਹਾਈ ਹੋਏ ਤੇ ਓਸ ਨੂੰ ਹਰਮੋਨੀਅਮ ਦੀ ਪ੍ਰਾਪਤੀ ਹੋ ਗਈ ਜਿਸ ਲਈ ਓਹ ਪਰਮਜੀਤ ਸਿੰਘ ਵੀਰਜੀ ਦੇ ਨਾਲ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੀ ਪੂਰੀ ਟੀਮ ਦੀ ਧੰਨਵਾਦੀ ਹੈ । ਇਸ ਬਾਰੇ ਪਰਮਜੀਤ ਸਿੰਘ ਵੀਰ ਜੀ ਦਸਦੇ ਹਨ ਬੱਚਿਆਂ ਕੋਲੋਂ ਗੁਰਬਾਣੀ ਨੂੰ ਕੰਠ ਸੁਣ ਕੇ ਜਿੱਥੇ ਮਨ ਨੂੰ ਖੁਸ਼ੀ ਹੁੰਦੀ ਹੈ ਓਥੇ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਅਤੇ ਉਤਸ਼ਾਹ ਵਧਾਉਣ ਲਈ ਪੰਥ ਨੂੰ ਇਸ ਤਰ੍ਹਾਂ ਦੇ ਉਪਰਾਲੇ ਵੱਡੇ ਪੱਧਰ ਤੇ ਕਰਣ ਦੀ ਸਖ਼ਤ ਜਰੂਰਤ ਹੈ । ਉਨ੍ਹਾਂ ਦਸਿਆ ਕਿ ਜਦੋ ਬੱਚੀ ਹਰਲੀਨ ਕੌਰ ਨੇ ਕੀਰਤਨ ਸਿੱਖਣ ਲਈ ਹਰਮੋਨੀਅਮ ਦੀ ਜਰੂਰਤ ਦਸੀ ਅਕਾਲ ਪੁਰਖ ਆਪ ਸਹਾਈ ਹੋਏ ਤੇ ਬੱਚੀ ਦੇ ਦਿਲ ਦੀ ਇੱਛਾ ਪੂਰੀ ਹੋ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

### ਚੇਅਰਮੈਨ ਰੰਧਾਵਾ ਦੀ ਅਗਵਾਈ 'ਚ ਆੜ੍ਹਤੀਆ ਐਸੋਸ਼ੀਏਸ਼ਨ

# ਪੰਜਾਬ ਦੇ ਜਰਨਲ ਇਜਲਾਸ 'ਚ ਸ਼ਾਮਲ ਹੋਣ ਲਈ ਕਾਫ਼ਲਾ ਰਵਾਨਾ



**ਚੌਕ ਮਹਿਤਾ, 8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਚੰਡੀਗੜ੍ਹ ਕਿਸਾਨ ਭਵਨ ਵਿਖੇ ਆੜ੍ਹਤੀਆ ਐਸੋਸ਼ੀਏਸ਼ਨ ਦੇ ਹੋਏ ਜਰਨਲ ਇਜਲਾਸ ਵਿੱਚ ਸ਼ਾਮਲ ਹੋਣ ਲਈ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਡਾ ਗੁਰਵਿੰਦਰ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਮੰਡੀ ਮਹਿਤਾ ਦੇ ਸਮੂਹ ਆੜ੍ਹਤੀਏ ਇਕ ਕਾਫਲੇ ਦੇ ਰੂਪ ਵਿਚ ਰਵਾਨਾ ਹੋਏ।



ਇਸ ਇਜਲਾਸ ਵਿਚ ਪੰਜਾਬ ਦੀਆਂ 111 ਮੰਡੀਆਂ ਨੇ ਹਿੱਸਾ ਲਿਆ, ਜਿਸ ਦੌਰਾਨ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ, ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਮੰਡੀ ਬੋਰਡ ਪੰਜਾਬ ਦੇ ਚੈਅਰਮੈਨ ਹਰਚੰਦ ਸਿੰਘ ਬਰਸਟ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਇਸ ਸਮੇਂ ਪੰਜਾਬ ਦੇ ਸਮੂਹ ਆੜ੍ਹਤੀਆ ਵਰਗ ਦੀ ਮੌਜੂਦਗੀ ਵਿੱਚ ਜਸਵਿੰਦਰ ਸਿੰਘ ਰਾਣਾ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਅਤੇ ਉਨ੍ਹਾਂ ਨੂੰ ਆੜਤੀਆ ਐਸੋਸੀਏਸ਼ਨ ਦਾ ਪੰਜਾਬ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਦੌਰਾਨ ਚੇਅਰਮੈਨ ਡਾ ਗੁਰਵਿੰਦਰ ਸਿੰਘ ਰੰਧਾਵਾ, ਬਲਜੀਤ ਸਿੰਘ ਚਾਹਲ ਜੁਆਇੰਟ ਸੈਕਟਰੀ ਪੰਜਾਬ, ਅਮਰਜੀਤ ਸਿੰਘ ਭੋਲਾ ਨੇ ਆੜਤੀਆਂ ਐਸੋਸੀਏਸ਼ਨ ਪੰਜਾਬ ਦੇ ਨਵ ਨਿਯੁਕਤ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੂੰ ਮੁਬਾਰਕਬਾਦ ਦਿੱਤੀ। ਇਸ ਕਾਫ਼ਲੇ ਵਿਚ ਚੰਡੀਗੜ੍ਹ ਲਈ ਰਵਾਨਾ ਹੋਣ ਮੌਕੇ ਚੇਅਰਮੈਨ ਡਾ ਗੁਰਵਿੰਦਰ ਸਿੰਘ ਰੰਧਾਵਾ, ਬਲਜੀਤ ਸਿੰਘ ਚਾਹਲ ਜੁਆਇੰਟ ਸੈਕਟਰੀ ਪੰਜਾਬ, ਅਮਰਜੀਤ ਸਿੰਘ ਭੋਲਾ ਤੋਂ ਇਲਾਵਾ ਪ੍ਰਧਾਨ ਸੁਖਦੇਵ ਸਿੰਘ ਬੁੱਟਰ, ਪ੍ਰਧਾਨ ਗੁਰਮੁਖ ਸਿੰਘ ਡੇਹਰੀਵਾਲ, ਜੱਥੇਦਾਰ ਰਾਜਬੀਰ ਸਿੰਘ ਉਦੋਨੰਗਲ, ਪ੍ਰਧਾਨ ਜਤਿੰਦਰ ਸਿੰਘ ਲੱਧਾਮੁੰਡਾ, ਪ੍ਰਧਾਨ ਬਲਜਿੰਦਰ ਸਿੰਘ ਹੈਪੀ ਦਬੁਰਜੀ, ਗੁਰਮੁਖ ਸਿੰਘ ਸਾਹਿਬ, ਸਰਪੰਚ ਰਜਿੰਦਰ ਸਿੰਘ ਉਦੋਨੰਗਲ, ਰਮਨਬੀਰ ਸਿੰਘ ਲੱਧਾਮੁੰਡਾ, ਹਰਪਾਲ ਸਿੰਘ ਜੱਜ, ਕੁਲਦੀਪ ਸਿੰਘ ਬੁੱਟਰ, ਕੁਲਵੰਤ ਸਿੰਘ ਤੇ ਪਵਨ ਕੁਮਾਰ ਬਟਾਲਾ, ਬੌਬੀ ਸਲਹੋਤਰਾ ਤੇ ਹੋਰ ਵੀ ਆੜਤੀਏ ਹਾਜਰ ਸਨ।



ਸਿੱਖ ਮਿਸ਼ਨਰੀ ਸੁਸਾਇਟੀ ਵਿਖੇ ਹਾਜ਼ਰ ਸਭਾ ਦੇ ਮੈਂਬਰ।

# ਸਿੱਖ ਮਿਸ਼ਨਰੀ ਸੁਸਾਇਟੀ ਵਿਖੇ ਵੱਡਾ ਇਕੱਠ

**ਲੰਡਨ • ਆਵਾਜ਼ਿ ਕੌਮ ਬਿਊਰੋ**

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੇ ਟਰੱਸਟੀਆਂ ਦੀ ਚੋਣ ਐ ਸੰਵਿਧਾਨ ਬਦਲਣ ਦੇ ਮਾਮਲੇ ਨੂੰ ਲੈ ਕੇ ਚੈਰਿਟੀ ਕਮਿਸ਼ਨ ਵਲੋਂ ਪ੍ਰਬੰਧਕ ਕਮੇਟੀ ਨੂੰ ਕਾਰਨ ਦੱਸੋ ਪੱਤਰ ਜਾਰੀ ਕੀਤਾ ਗਿਆ ਹੈ। ਜਿਸ ਤੋਂ ਬਾਅਦ ਸਾਬਕਾ ਪ੍ਰਧਾਨ ਗੁਰਮੇਲ ਸਿੰਘ ਮੱਲੀ ਤੇ ਸਾਥੀਆਂ ਦੇ ਸੱਦੇ 'ਤੇ ਸਿੱਖ ਮਿਸ਼ਨਰੀ ਸੁਸਾਇਟੀ ਵਿਖੇ ਸਭਾ ਦੇ ਮੈਂਬਰਾਂ ਦਾ ਵੱਡਾ ਇਕੱਠ ਸੱਦਿਆ। ਜਿਸ ਵਿਚ ਸੰਬੋਧਨ ਕਰਦਿਆਂ ਗੁਰਮੇਲ ਸਿੰਘ ਮੱਲੀ, ਹਰਜੀਤ ਸਿੰਘ ਸਰਪੰਚ, ਮਨਜੀਤ ਸਿੰਘ, ਗਿਆਨੀ ਬਲਵਿੰਦਰ ਸਿੰਘ ਪੱਟੀ ਤੇ ਸ਼ਰਨਬੀਰ ਸਿੰਘ ਸੰਘਾ ਨੇ ਪ੍ਰਬੰਧਕ ਕਮੇਟੀ 'ਤੇ ਗੰਭੀਰ ਦੋਸ਼ ਲਾਏ। ਗਿਆਨੀ ਬਲਵਿੰਦਰ ਸਿੰਘ ਪੱਟੀ ਨੇ ਕਿਹਾ ਕਿ ਜੇ ਸਰਬ ਸੰਮਤੀ ਨਾਲ ਟਰੱਸਟੀ ਬਣਾਏ ਜਾਂਦੇ ਤਾਂ ਅਜਿਹੇ ਹਾਲਾਤ ਨਾ ਬਣਦੇ। ਗੁਰਮੇਲ ਸਿੰਘ ਮੱਲੀ ਨੇ ਕਿਹਾ ਕਿ ਪ੍ਰਬੰਧਕ ਕਮੇਟੀ ਨੇ ਈ.ਜੀ.ਐਮ. ਦੀ ਮੀਟਿੰਗ ਵਿਚ ਗੈਰ ਸੰਵਿਧਾਨਕ ਤਰੀਕੇ ਨਾਲ ਸੰਵਿਧਾਨ ਬਦਲਿਆ ਗਿਆ ਤੇ ਆਪਣੇ ਪਰਿਵਾਰਾਂ ਦੇ ਲੋਕਾਂ ਨੂੰ ਟਰੱਸਟੀ ਬਣਾਇਆ। ਉਨ੍ਹਾਂ ਕਮੇਟੀ ਦੇ ਜਨਰਲ ਸਕੱਤਰ ਹਰਮੀਤ ਸਿੰਘ, ਕੁਲਵੰਤ ਸਿੰਘ ਭਿੰਡਰ ਆਦਿ ਦਾ ਨਾਮ ਲੈ ਕੇ ਉਨ੍ਹਾਂ 'ਤੇ ਗੰਭੀਰ ਦੋਸ਼ ਲਾਏ। ਸ: ਮੱਲੀ ਨੇ ਸ੍ਰੀ ਗੁਰੂ ਸਿੰਘ ਸਭਾ ਦੀ ਜਾਇਦਾਦ ਨੂੰ ਲੈ ਕੇ ਵੀ ਸਵਾਲ ਖੜ੍ਹੇ ਕੀਤੇ। ਉਨ੍ਹਾਂ ਕਿਹਾ ਕਿ ਅਸੀਂ ਅਜੇ ਵੀ ਪ੍ਰਬੰਧਕ ਕਮੇਟੀ ਨੂੰ ਅਪੀਲ ਕਰਦੇ ਹਾਂ ਕਿ ਇਸ ਮਾਮਲੇ ਨੂੰ ਬੈਠ ਕੇ ਨਜਿੱਠ ਲਿਆ ਜਾਵੇ। ਉਨ੍ਹਾਂ ਇਸ ਸੰਬੰਧੀ ਸੰਗਤਾਂ ਪਾਸੋਂ ਜੈਕਾਰਾ ਲਗਾ ਕੇ ਪ੍ਰਵਾਨਗੀ ਲਈ। ਉਨ੍ਹਾਂ ਕਮੇਟੀ ਦੇ ਮੈਂਬਰਾਂ ਕਈ ਦੋਸ਼ ਲਗਾਏ। ਹਰਜੀਤ ਸਿੰਘ ਸਰਪੰਚ ਨੇ ਕਿਹਾ ਕਿ ਪ੍ਰਬੰਧਕ ਕਮੇਟੀ ਵਲੋਂ ਮਨਮਰਜ਼ੀਆਂ ਕੀਤੀਆਂ ਜਾ ਰਹੀਆਂ ਹਨ। ਸਿੱਖ ਪ੍ਰੰਪਰਾਵਾਂ ਤੇ ਸਭਾ ਦਾ ਨੁਕਸਾਨ ਕੀਤਾ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਸ੍ਰੀ ਗੁਰੂ ਸਿੰਘ ਸਭਾ ਦੀ ਪ੍ਰਬੰਧਕ ਕਮੇਟੀ ਨੂੰ ਚੈਰਿਟੀ ਕਮਿਸ਼ਨ ਵਲੋਂ 9 ਮਈ ਤੱਕ ਜਵਾਬ ਦੇਣ ਲਈ ਕਿਹਾ ਹੈ। ਇਸ ਸਬੰਧੀ ਜਦ ਪ੍ਰਬੰਧਕ ਕਮੇਟੀ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸਾਡੇ 'ਤੇ ਲੱਗੇ ਦੋਸ਼ ਸਾਰੇ ਬੇਬੁਨਿਆਦ ਹਨ ਤੇ ਸਾਰਾ ਕੰਮ ਪਾਰਦਰਸ਼ੀ ਢੰਗ ਨਾਲ ਕੀਤਾ ਜਾ ਰਿਹਾ ਹੈ।

**ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੇ ਟਰੱਸਟੀਆਂ ਦੀ ਚੋਣ ਤੇ ਸੰਵਿਧਾਨ ਬਦਲਣ ਦਾ ਮਾਮਲਾ**


# ਪਿੰਡ ਚੰਨਣਕੇ 'ਚੋਂ ਨਸ਼ਿਆਂ ਦੀ ਜੜ੍ਹ ਪੁੱਟਣ ਲਈ ਇੱਕ ਹੰਗਾਮੀ ਮੀਟਿੰਗ ਸਰਪੰਚ ਮਿੱਠਾ, ਐਸ ਐਚ ਉ ਮਹਿਤਾ ਦੀ ਅਗਵਾਈ ਹੇਠ ਹੋਈ



**ਚੌਕ ਮਹਿਤਾ, 8 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ 'ਚੋਂ ਨਸ਼ਿਆਂ ਦੀ ਜੜ੍ਹ ਪੁੱਟਣ ਲਈ ਰੋਡਮੈਪ ਤਿਆਰ ਕਰਕੇ 'ਯੁੱਧ ਨਸ਼ਿਆਂ ਵਿਰੁੱਧ' ਸ਼ੁਰੂ ਕੀਤਾ ਹੈ। ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਸਾਨੂੰ ਪਾਰਟੀਬਾਜੀ ਤੋਂ ਉਪਰ ਉਠ ਕੇ ਸਰਕਾਰ ਦਾ ਸਹਿਯੋਗ ਕਰਨਾ ਚਾਹੀਦਾ ਹੈ। ਇਹ ਪ੍ਰਗਟਾਵਾ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਅਤੇ ਐਸ ਐਚ ਉ ਸਮਸੇਰ ਸਿੰਘ ਚੌਕ ਮਹਿਤਾ ਨੇ ਨਾਲ ਇਕ ਵਿਸ਼ੇਸ਼ ਮੀਟਿੰਗ ਦੌਰਾਨ ਕੀਤਾ।ਉਨਾਂ ਆਖਿਆ ਕਿ ਪੰਜਾਬ ਦੀ ਧਰਤੀ ਅਪਰਾਧੀਆਂ ਲਈ ਨਹੀਂ ਬਣੀ, ਇਹ ਸ਼ਾਂਤੀ ਨਾਲ ਰਹਿਣ ਵਾਲੇ ਲੋਕਾਂ ਦੀ ਅਤੇ ਗੁਰੂ ਪੀਰਾਂ, ਖੋਦਿਆ, ਸੂਰਮਿਆ ਦੀ ਧਰਤੀ ਹੈ। ਉਨਾਂ ਕਿਹਾ ਕਿ ਹੋਰਨਾਂ ਨੌਜਵਾਨਾਂ ਨੂੰ ਨਸ਼ਿਆਂ ਦੀ ਲਤ ਲਗਾਉਣ ਵਾਲੇ ਲੋਕ ਹੁਣ ਆਪਣੇ ਘਰਾਂ ਵਿਚ ਸਲਾਮਤ ਨਹੀਂ ਰਹੀ ਸਕਦੇ, ਕਿਉਂਕਿ ਮਾਨ ਸਰਕਾਰ ਨੇ ਨਸ਼ੇ ਦੇ ਸੌਦਾਗਰਾਂ ਦੀ ਪੁੱਠੀ ਗਿਣਤੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਨੇ ਕਿਹਾ ਕਿ ਨਸੇ ਦੇ ਸੁਦਾਗਰ ਜਾਂ ਇਹ ਧੰਦਾ ਛੱਡ ਦੇਣ ਨਹੀ ਤੇ ਫਿਰ ਉਨ੍ਹਾਂ ਤੇ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਪਿੰਡ ਦਾ ਕੋਈ ਵੀ ਮੋਹਤਬਰ ਅਪਰਾਧੀਆਂ ਦੀ ਮੱਦਦ ਨਹੀਂ ਕਰੇਗਾ, ਜੇ ਕੋਈ ਨਸਾ ਛੱਡਣਾ ਚਾਹੁੰਦਾ ਹੈ ਤਾਂ ਉਸ ਦਾ ਇਲਾਜ ਮੁਫ਼ਤ ਕਰਵਾਇਆ ਜਾਵੇਗਾ। ਇਸ ਮੌਕੇ ਤੇ ਐਸ ਐਚ ਉ ਸਮਸੇਰ ਸਿੰਘ ਚੌਕ ਮਹਿਤਾ,ਸਰਪੰਚ ਕੁਲਵਿੰਦਰ ਸਿੰਘ ਮਿੱਠਾ, ਸਰਪੰਚ ਮੇਜਰ ਸਿੰਘ ਨਵਾਂ ਚੰਨਣਕੇ, ਸਰਪੰਚ ਲਖਵਿੰਦਰ ਸਿੰਘ ਨਾਥ ਦੀ ਖੂੰਹੀ, ਸਾਬਕਾ ਸਰਪੰਚ ਦਵਿੰਦਰ ਸਿੰਘ ਨਵਾਂ ਚੰਨਣਕੇ, ਸੁਖਜਿੰਦਰ ਸਿੰਘ ਰੰਧਾਵਾ, ਸਾਬਕਾ ਸਰਪੰਚ ਦਵਿੰਦਰ ਸਿੰਘ ਰੰਧਾਵਾ, ਜਸਵਿੰਦਰ ਸਿੰਘ ਰਵੀ ਆਦਿ ਮੋਹਤਬਰ ਹਾਜ਼ਰ ਸਨ।

### ਪਾਣੀ ਵਿਵਾਦ

# ਪੰਜਾਬ ਪੁਲੀਸ ਨੇ ਚੇਅਰਮੈਨ ਨੂੰ ਡੈਮ 'ਚ ਦਾਖ਼ਲ ਹੋਣ ਤੋਂ ਰੋਕਿਆ



**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਚੇਅਰਮੈਨ ਮਨੋਜ ਤ੍ਰਿਪਾਠੀ ਨੂੰ ਪੰਜਾਬ ਪੁਲੀਸ ਨੇ ਨੰਗਲ ਡੈਮ ਦੇ ਅੰਦਰ ਦਾਖ਼ਲ ਹੋਣ ਤੋਂ ਰੋਕ ਦਿੱਤਾ ਹੈ। ਜਾਣਕਾਰੀ ਮੁਤਾਬਕ ਨੰਗਲ ਡੈਮ ਦੇ ਬਾਹਰ ਪੁਲੀਸ ਵਲੋਂ ਅਧਿਕਾਰੀ ਤੇ ਮੁਲਾਜ਼ਮ ਵੀ ਰੋਕੇ ਗਏ ਹਨ।ਅੱਜ ਕਰੀਬ 9 ਵਜੇ ਬੀਬੀਐੱਮਬੀ ਦੇ ਚੇਅਰਮੈਨ ਬਹੁਤ ਹੀ ਗੁਪਤ ਤਰੀਕੇ ਨਾਲ ਨੰਗਲ ਡੈਮ ਲਈ ਰਵਾਨਾ ਹੋਏ ਸਨ।ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਰੋਪੜ ਤੋਂ ਸੁਰੱਖਿਆ ਦੀ ਮੰਗ ਕੀਤੀ ਸੀ।ਜਦੋਂ ਚੇਅਰਮੈਨ ਨੰਗਲ ਡੈਮ 'ਤੇ ਪੁੱਜੇ, ਤਾਂ ਪਹਿਲਾਂ ਹੀ ਤਾਇਨਾਤ ਪੁਲੀਸ ਨੇ ਉਨ੍ਹਾਂ ਨੂੰ ਰੋਕ ਦਿੱਤਾ। ਪਤਾ ਲੱਗਿਆ ਹੈ ਕਿ ਚੇਅਰਮੈਨ ਨੇ ਪੁਲੀਸ ਅਧਿਕਾਰੀਆਂ ਨੂੰ ਹਾਈਕੋਰਟ ਵਲੋਂ ਹਾਲ ਹੀ ਵਿੱਚ ਸੁਣਾਏ ਫ਼ੈਸਲੇ ਦਾ ਹਵਾਲਾ ਵੀ ਦਿੱਤਾ।ਪੁਲੀਸ ਨੇ ਡੈਮ ਨੇੜਲੇ ਖੇਤਰ ਨੂੰ ਸੀਲ ਕਰ ਦਿੱਤਾ ਹੈ।ਦੱਸਣਯੋਗ ਹੈ ਕਿ ਪੰਜਾਬ ਪੁਲੀਸ ਦੀ ਤਾਇਨਾਤੀ ਪਹਿਲਾਂ ਹੀ ਡੈਮ 'ਤੇ ਸੀ । ਹਾਈਕੋਰਟ ਨੇ ਪੰਜਾਬ ਪੁਲੀਸ ਨੂੰ ਡੈਮ ਦੇ ਸੰਚਾਲਨ ਅਤੇ ਰੈਗੂਲੇਸ਼ਨ 'ਚ ਦਖ਼ਲ ਦੇਣ ਤੋਂ ਰੋਕਿਆ ਹੈ, ਪਰ ਅਦਾਲਤ ਨੇ ਡੈਮ ਦੀ ਸੁਰੱਖਿਆ ਲਈ ਪੰਜਾਬ ਪੁਲੀਸ 'ਤੇ ਕੋਈ ਰੋਕ ਨਹੀਂ ਲਗਾਈ। ਵੇਰਵਿਆਂ ਅਨੁਸਾਰ ਬੀਬੀਐਮਬੀ ਦੇ ਚੇਅਰਮੈਨ ਨੇ ਫ਼ੋਨ ਜ਼ਰੀਏ ਉੱਚ ਅਥਾਰਟੀ ਨੂੰ ਜਾਣਕਾਰੀ ਦੇ ਦਿੱਤੀ ਹੈ।

# ਪੰਜਾਬ ਸਰਕਾਰ ਦੀ ਚਿੱਠੀ ਨੇ ਰੋਕੇ ਰਾਹ !

**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਡਾਇਰੈਕਟਰ (ਸੁਰੱਖਿਆ) ਨੂੰ ਅੱਜ ਪੱਤਰ ਭੇਜ ਕੇ ਕਿਹਾ ਹੈ ਕਿ ਉਨ੍ਹਾਂ ਸਮਾਂ ਕੋਈ ਵੀ ਕਦਮ ਨਾ ਚੁੱਕਿਆ ਜਾਵੇ ਜਿਨ੍ਹਾਂ ਸਮਾਂ ਕੇਂਦਰੀ ਗ੍ਰਹਿ ਸਕੱਤਰ ਦੀ ਅਗਵਾਈ ਵਿੱਚ 2 ਮਈ ਨੂੰ ਹੋਈ ਮੀਟਿੰਗ ਦੇ ਮਿੰਟਸ ਪੰਜਾਬ ਦੇ ਜਲ ਸਰੋਤ ਵਿਭਾਗ ਨੂੰ ਮੁਹੱਈਆ ਨਹੀਂ ਕਰਾ ਦਿੱਤੇ ਜਾਂਦੇ। ਦੱਸਣਯੋਗ ਹੈ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਚੇਅਰਮੈਨ ਮਨੋਜ ਤ੍ਰਿਪਾਠੀ ਅੱਜ ਚੁੱਪ ਚੁਪੀਤੇ ਨੰਗਲ ਡੈਮ ਪੁੱਜੇ ਸਨ ਜਿਨ੍ਹਾਂ ਨੂੰ ਪੰਜਾਬ ਪੁਲੀਸ ਨੇ ਨੰਗਲ ਡੈਮ ਦੇ ਅੰਦਰ ਦਾਖਲ ਹੋਣ ਤੋਂ ਰੋਕ ਦਿੱਤਾ ਸੀ।

ਪੰਜਾਬ ਪੁਲੀਸ ਡੈਮ ਦੇ ਆਸ ਪਾਸ ਦੇ ਖੇਤਰ ਨੂੰ ਸੀਲ ਕੀਤਾ ਹੋਇਆ ਹੈ। ਅਫ਼ਵਾਹਾਂ ਚੱਲ ਰਹੀਆਂ ਹਨ ਕਿ ਚੇਅਰਮੈਨ ਨੂੰ ਬੰਧਕ ਬਣਾ ਲਿਆ ਗਿਆ ਹੈ ਪ੍ਰੰਤੂ ਇਸ ਤਰ੍ਹਾਂ ਦੀ ਕੋਈ ਗੱਲ ਸਾਹਮਣੇ ਨਹੀਂ ਆਈ ਹੈ। ਪਤਾ ਲੱਗਿਆ ਹੈ ਕਿ ਚੇਅਰਮੈਨ ਸਤਲੁਜ ਸਦਨ ਨਾਮ ਦੇ ਗੈੱਸਟ ਹਾਊਸ ਵਿੱਚ ਬੈਠੇ ਹਨ।

ਅੱਜ ਮੁੱਖ ਇੰਜੀਨੀਅਰ (ਨਹਿਰਾਂ) ਨੇ ਬੀਬੀਐੱਮਬੀ ਦੇ ਡਾਇਰੈਕਟਰ (ਸੁਰੱਖਿਆ) ਨੂੰ ਲਿਖੇ ਪੱਤਰ ਵਿੱਚ ਕਿਹਾ ਹੈ ਕਿ ਕੇਂਦਰੀ ਗ੍ਰਹਿ ਸਕੱਤਰ ਦੀ ਪ੍ਰਧਾਨਗੀ ਹੇਠ ਹੋਈ 2 ਮਈ ਦੀ ਮੀਟਿੰਗ ਦਾ ਮਿੰਟਸ ਦਿੱਤੇ ਜਾਣ ਤਾਂ ਜੋ ਹਾਈਕੋਰਟ ਦੇ ਫ਼ੈਸਲੇ ਨੂੰ ਲਾਗੂ ਕੀਤਾ ਜਾ ਸਕੇ। ਚੇਤੇ ਰਹੇ ਕਿ ਹਾਈਕੋਰਟ ਨੇ 6 ਮਈ ਨੂੰ ਸੁਣਾਏ ਫ਼ੈਸਲੇ ਵਿੱਚ ਕਿਹਾ ਸੀ ਕਿ ਦਿੱਲੀ ਵਿੱਚ ਹੋਈ ਕੇਂਦਰੀ ਗ੍ਰਹਿ ਸਕੱਤਰ ਦੀ ਅਗਵਾਈ ਵਾਲੀ ਮੀਟਿੰਗ ਦੇ ਫ਼ੈਸਲੇ ਨੂੰ ਅਮਲ ਵਿੱਚ ਲਿਆਂਦਾ ਜਾਵੇ। ਕੇਂਦਰੀ ਗ੍ਰਹਿ ਸਕੱਤਰ ਨੇ ਪੰਜਾਬ ਸਰਕਾਰ ਨੂੰ ਹਰਿਆਣਾ ਨੂੰ 4500 ਕਿਊਸਿਕ ਵਾਧੂ ਪਾਣੀ ਛੱਡਣ ਦੀ ਸਲਾਹ ਦਿੱਤੀ ਸੀ।

ਜਾਣਕਾਰੀ ਅਨੁਸਾਰ ਬੀਬੀਐੱਮਬੀ ਕੋਲ ਅਜਿਹੇ ਕੋਈ ਮਿੰਟਸ ਨਹੀਂ ਹਨ। ਮਿੰਟਸ ਨਾ ਹੋਣ ਦਾ ਨੁਕਤਾ ਪੰਜਾਬ ਸਰਕਾਰ ਨੂੰ ਫ਼ਿਲਹਾਲ ਰਾਹਤ ਦੇਣ ਵਾਲਾ ਹੈ। ਪੰਜਾਬ ਸਰਕਾਰ ਨੇ ਕਿਹਾ ਕਿ ਜਿਨ੍ਹਾਂ ਸਮਾਂ ਮਿੰਟਸ ਨਹੀਂ ਦਿੱਤੇ ਜਾਂਦੇ , ਉਨ੍ਹਾਂ ਸਮਾਂ ਕੋਈ ਕਾਰਵਾਈ ਨਾ ਕੀਤੀ ਜਾਵੇ। ਇਸ ਦਾ ਮਤਲਬ ਹੈ ਕਿ ਪੱਤਰ ਨੇ ਭਾਖੜਾ ਡੈਮ ਤੋਂ ਹਰਿਆਣਾ ਨੂੰ ਵਾਧੂ ਪਾਣੀ ਛੱਡਣ ਦੇ ਇੱਕ ਵਾਰ ਰਾਹ ਰੋਕ ਦਿੱਤੇ ਹਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਪ੍ਰਕਾਸ਼ ਪੁਰਬ

ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ



☛ ਸਾਲਾਨਾ ਬਰਸੀਂ : ਬਾਬਾ ਬੀਰ ਸਿੰਘ ਨੌਰੰਗਾਬਾਦ ਪਿੰਡ ਗੱਗੋਬੂਹਾ ( ਅੰਮ੍ਰਿਤਸਰ ) ☛ ਸ਼ਹੀਦ ਬਾਬਾ ਬੰਦਾ ਸਿੰਘ ਜੀ ਬਹਾਦਰ ਵੱਲੋਂ ਸਰਹਿੰਦ ਫ਼ਤਹਿ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

10 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।

11 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਭਾਈ ਸੁਖਬੀਰ ਸਿੰਘ ਰਾਣੀਪੁਰ ਕਥਾ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਗੁਰੂ ਨਾਨਕ ਗੁਰਦੁਆਰਾ ਸਮੈਦਿਕ ਦੀ ਨਵੀਂ ਪ੍ਰਬੰਧਕ ਕਮੇਟੀ ਦੇ

# ਭਾਈ ਜਤਿੰਦਰ ਸਿੰਘ ਨੂੰ ਪ੍ਰਧਾਨ ਬਣਨ ’ਤੇ ਵਧਾਈ



## ਗੁਰੂ ਨਾਨਕ ਗੁਰਦੁਆਰਾ ਸਮੈਦਿਕ ਦੀ ਨਵੀਂ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣਨ ’ਤੇ

## ਭਾਈ ਜਤਿੰਦਰ ਸਿੰਘ ਨੂੰ ਲੱਖ-ਲੱਖ ਵਧਾਈਆਂ

ਬਰਤਾਨੀਆ ਦੇ ਪੁਰਾਤਨ ਗੁਰਦੁਆਰਾ ਸਾਹਿਬਾਨ ਵਿੱਚੋਂ ਜਾਣੇ ਜਾਂਦੇ ਸਿੱਖ ਸਿਆਸਤ ਦਾ ਵੱਡਾ ਗੜ੍ਹ ਮੰਨੇ ਜਾਂਦੇ ਗੁਰੂ ਨਾਨਕ ਗੁਰਦੁਆਰਾ ਸਮੈਦਿਕ ਦੀ ਨਵੀਂ ਪ੍ਰਬੰਧਕ ਕਮੇਟੀ ਦੀ ਚੋਣ ਕੀਤੀ ਗਈ ਅਤੇ ਭਾਈ ਜਤਿੰਦਰ ਸਿੰਘ ਨੂੰ ਮੁੱਖ ਸੇਵਾਦਾਰ ਵਜੋਂ ਸੇਵਾਵਾਂ ਸੌਂਪੀਆਂ ਗਈਆਂ।

ਇਸ ਤੋਂ ਇਲਾਵਾ ਬੀਬੀ ਪਰਵਿੰਦਰ ਕੌਰ ਮੀਤ ਪ੍ਰਧਾਨ, ਪਰਮਜੀਤ ਸਿੰਘ ਵਿੱਲੋਂ ਜਨਰਲ ਸਕੱਤਰ, ਹਿਕਬਾਲ ਸਿੰਘ ਮੀਤ ਜਨਰਲ ਸਕੱਤਰ, ਤਰਸੇਮ ਸਿੰਘ ਸ਼ੋਕਰ ਖਜ਼ਾਨਚੀ, ਜਸਵਿੰਦਰ ਸਿੰਘ ਬਾਂਕਾ ਮੀਤ ਖਜ਼ਾਨਚੀ, ਨਰਿੰਦਰ ਸਿੰਘ ਸਟੇਜ ਸਕੱਤਰ, ਕੁਲਦੀਪ ਸਿੰਘ ਦਿਓਲ ਸਿੱਖਿਆ,, ਜਸਵੀਰ ਸਿੰਘ ਲੰਗਰ ਜਥੇਦਾਰ, ਮਹਿੰਦਰ ਸਿੰਘ ਨਾਗਰਾ ਅਤੇ ਸਾਧੂ ਸਿੰਘ ਲੰਗਰ ਮੈਂਬਰ, ਜਗਜੀਵਨ ਸਿੰਘ ਖੇਡ ਸਕੱਤਰ, ਬਲਬੀਰ ਸਿੰਘ ਮੈਰਿਜ ਰਜਿਸਟਰਾਰ ਤੋਂ ਇਲਾਵਾ ਸਰਬਜੀਤ ਸਿੰਘ, ਕੁਲਜਿੰਦਰ ਕੌਰ, ਰੇਸ਼ਮ ਕੌਰ, ਤਰਵਿੰਦਰ ਸਿੰਘ, ਹਰਵਿੰਦਰ ਸਿੰਘ ਹੀਰਾ, ਕਾਮਰਾਜ ਸਿੰਘ, ਹਮਰਾਜ ਸਿੰਘ, ਰਾਜਦੀਪ ਸਿੰਘ ਮੈਂਬਰ ਹੋਣਗੇ।

ਮੁੱਖ ਸੇਵਾਦਾਰ ਭਾਈ ਜਤਿੰਦਰ ਸਿੰਘ ਨੇ ਕਿਹਾ ਕਿ ਸਾਡਾ ਮੁੱਖ ਮੰਤਵ ਸਿੱਖੀ ਪ੍ਰਚਾਰ ਦੇ ਨਾਲ-ਨਾਲ ਸਿੱਖ ਕੌਮ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਅਤੇ ਉਨ੍ਹਾਂ ਦੇ ਹੱਲ ਲਈ ਮਿਲ ਕੇ ਕੰਮ ਕਰਨਾ ਹੋਵੇਗਾ। ਨੌਜਵਾਨਾਂ ਨੂੰ ਵੱਧ ਤੋਂ ਵੱਧ ਸਿੱਖੀ ਨਾਲ ਜੋੜਨ ਲਈ ਯਤਨ ਕੀਤੇ ਜਾਣਗੇ।




ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਸ਼ਹੀਦੀਆਂ ਸਿੰਘ ਸਿੰਘਣੀਆਂ ਭੁਝੰਗੀਆਂ

ਛੋਟਾ ਘੱਲੂਘਾਰਾ ਕਹਾਨੂੰਵਾਨ ਗੁਰਦਾਸਪੁਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

17 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।

18 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਅਮਰਜੀਤ ਸਿੰਘ ਦਿੱਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ਸ਼ੇਅਰ ਜ਼ਰੂਰੀ ਕਰਨਾ ਜੀ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਅਧਿਕਾਰੀ ਵੱਲੋਂ ਨੰਗਲ ਡੈਮ ਤੋਂ ਜ਼ਬਰਦਸਤੀ ਪਾਣੀ ਛੱਡਣ ਦੀ ਕੋਸ਼ਿਸ਼ ਬੇਹੱਦ ਗਲਤ

# ਪੰਜਾਬ ਦੇ ਪਾਣੀਆਂ 'ਤੇ ਡਾਕਾ ਅਸੀਂ ਬਿਲਕੁੱਲ ਬਰਦਾਸ਼ਤ ਨਹੀਂ ਕਰਾਂਗੇ















**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕੋਲ ਹਰਿਆਣੇ ਨੂੰ ਦੇਣ ਲਈ ਇੱਕ ਵੀ ਬੂੰਦ ਵਾਧੂ ਪਾਣੀ ਨਹੀਂ ਹੈ।ਸੂਬੇ ਦੇ ਜ਼ਿਆਦਾਤਰ ਦਰਿਆ ਸਰੋਤ ਸੁੱਕ ਚੁੱਕੇ ਹਨ, ਇਸ ਲਈ ਪੰਜਾਬ ਨੂੰ ਆਪਣੀਆਂ ਸਿੰਚਾਈ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਹੋਰ ਪਾਣੀ ਦੀ ਲੋੜ ਹੈ। ਪੰਜਾਬ 'ਚ ਪਾਣੀ ਦੀ ਘਾਟ ਹੋਣ ਦੇ ਬਾਵਜੂਦ ਵੀ ਅਸੀਂ ਦੂਜੇ ਸੂਬਿਆਂ ਲਈ ਅਨਾਜ ਪੈਦਾ ਕਰਕੇ ਦੇ ਰਹੇ ਹਾਂ ਤਾਂ ਜੋ ਪੂਰੇ ਦੇਸ਼ ਨੂੰ ਅੰਨ ਦੀ ਕੋਈ ਕਿੱਲਤ ਦਾ ਸਾਹਮਣਾ ਨਾ ਕਰਨਾ ਪਵੇ। ਜੇਕਰ ਪਾਣੀਆਂ ਦੇ ਮਸਲੇ ਨੂੰ ਲੈ ਕੇ ਪੰਜਾਬ ਦੇ ਹਾਲਾਤ ਖ਼ਰਾਬ ਹੁੰਦੇ ਹਨ ਤਾਂ ਸਿੱਧੇ ਤੌਰ 'ਤੇ ਬੀਬੀਐਮਬੀ ਅਤੇ ਬੀਜੇਪੀ ਇਸ ਦੀ ਜ਼ਿੰਮੇਵਾਰ ਹੋਵੇਗੀ।



# 15 ਮਈ ਨੂੰ ਜੋਂ ਸਬ ਡਵੀਜ਼ਨ ਪੱਧਰ ਤੇ ਰੋਸ ਮਾਰਚ ਉਲੀਕੇ ਗਏ ਹਨ







**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-1. ਕੌਮੀਂ ਇਨਸਾਫ ਮੋਰਚਾ, ਕਿਸਾਨ ਜਥੇਬੰਦੀਆਂ,ਧਰਮਿਕ ਅਤੇ ਵਪਾਰੀ ਜਥੇਬੰਦੀਆ ਵਲੋ 15 ਮਈ ਨੂੰ ਜੋਂ ਸਬ ਡਵੀਜ਼ਨ ਪੱਧਰ ਤੇ ਰੋਸ ਮਾਰਚ ਉਲੀਕੇ ਗਏ ਹਨ।ਉਹਨਾਂ ਦੀ ਕਾਮਯਾਬੀ ਲਈ ਵੱਖ ਵੱਖ ਜੱਥੇਬੰਦੀਆਂ ਅਤੇ ਧਾਰਮਿਕ ਆਗੂਆਂ ਨਾਲ ਮਾਨਸਾ ਜਿਲ੍ਹੇ ਵਿੱਚ ਰੋਸ ਮਾਰਚਾ ਕਾਮਯਾਬ ਕਰਨ ਲਈ ਮੀਟਿੰਗਾਂ ਕੀਤੀਆਂ। ਅਤੇ ਕੁੱਝ ਆਗੂਆਂ ਨੂੰ ਫੋਨ ਨਾਲ ਸੰਪਰਕ ਕੀਤਾ। ਸਾਰੀਆਂ ਜੱਥੇਬੰਦੀਆਂ ਦਾ ਤਾਲਮੇਲ ਕਰਨ ਅਤੇ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਮਾਨਸਾ ਸਬ ਡਵੀਜ਼ਨ ਦੀ ਸੀਨੀਅਰ ਆਗੂਆਂ ਦੀ 11 ਮੇਬਰੀ ਤਾਲਮੇਲ ਕਮੇਟੀ ਬਣਾਈ ਗਈ। ਮਾਨਸਾ ਸਬ ਡਵੀਜ਼ਨ ਵਿੱਚ ਰੋਸ ਮਾਰਚ ਛੋਟੀ ਮਾਨਸਾ ਦੇ ਗੁਰੂਘਰ ਤੋਂ ਆਰੰਭ ਕੀਤਾ ਜਾਵੇਗਾ। ਪ੍ਰਬੰਧਕਾਂ ਵਿੱਚ ਸ. ਰੁਲਦੂ ਸਿੰਘ ਮਾਨਸਾ, ਕਿਸਾਨ ਆਗੂ ਨਛੱਤਰ ਸਿੰਘ ਖੀਵਾ, 14੭ ਅਜੀਤ ਸਿੰਘ ਭੰਗੂ , ਧਰਮਿਕ ਆਗੂ ਬਾਬਾ ਰਾਜਵਿੰਦਰ ਸਿੰਘ, ਜਰਨੈਲ ਸਿੰਘ ਮੂਸੇਵਾਲਾ , ਰਾਜਵਿੰਦਰ ਸਿੰਘ ਰਾਣਾ, ਰਾਜਿੰਦਰ ਸਿੰਘ ਜਵਾਹਰਕੇ ਪੰਥਕ ਆਗੂ , ਤਿਲੋਚਨ ਸਿੰਘ ਭੀਖੀ,ਗੁਰਨਾਮ ਸਿੰਘ ਭੀਖੀ, ਰਾਣਾ ਮਾਨਸਾ, ਸੁਖਚੈਨ ਸਿੰਘ ਅਤਲਾ, ਕਿਸਾਨ ਆਗੂ ਭਜਨ ਸਿੰਘ ਨੂੰ ਪ੍ਰਬੰਧ ਅਤੇ ਤਾਲਮੇਲ ਦੀ ਜ਼ਿੰਮੇਵਾਰੀ ਦਿੱਤੀ ਗਈ।

2. ਬੁਢਲਾਡਾ ਸਬ ਡਵੀਜ਼ਨ ਵਿੱਚ ਬਾਬਾ ਬਲਦੇਵ ਸਿੰਘ ਧਰਮਪੁਰਾ,ਬਾਬਾ ਜਸਵਿੰਦਰ ਸਿੰਘ ਬੋਹਾ,ਬਾਬਾ ਨਰਾਇਣ ਸਿੰਘ ਬੋਹਾ, ਕਲਿਆਣ ਸਿੰਘ,ਗੁਰਪ੍ਰੀਤ ਸਿੰਘ ਚਹਿਲ, ਐਡਵੋਕੇਟ ਮਹਿਲ ਸਿੰਘ, ਐਡੋਕੇਟ ਕਬੀਰ ਸਿੰਘ, ਨੂੰ ਪ੍ਰਬੰਧਾ ਅਤੇ ਤਾਲਮੇਲ ਦੀ ਜ਼ਿੰਮੇਵਾਰੀ ਦਿੱਤੀ ਗਈ।

3. ਸਰਦੂਲਗੜ੍ਹ ਦੀ ਜ਼ਿੰਮੇਵਾਰੀ ਸ. ਬਲਜਿੰਦਰ ਸਿੰਘ ਸਰਦੂਲਗੜ੍ਹ, ਕੁਲਦੀਪ ਸਿੰਘ ਸਰਦੂਲਗੜ੍ਹ, ਅਤੇ ਸਾਰੀਆਂ ਜੱਥੇਬੰਦੀਆਂ ਦੀ ਸਾਂਝੀ ਬਣੀ ਹੋਈ 15 ਮੈਬਰੀ ਕਮੇਟੀ ਨੇ ਜਿੰਮੇਵਾਰੀ ਲਈ।

# ਆਪਰੇਸ਼ਨ ਸੰਦੂਰ ਤਹਿਤ ਭਾਰਤੀ ਫੌਜਾਂ ਨੇ ਅੱਤਵਾਦੀਆਂ ਨੂੰ ਸਿਖਾਇਆ ਚੰਗਾ ਸਬਕ: ਚੇਅਰਮੈਨ ਜਸਪ੍ਰੀਤ ਸਿੰਘ



**ਅੰਮ੍ਰਿਤਸਰ, 8 ਮਈ (ਆਵਾਜ਼ਿ ਕੌਮ ਬਿਊਰੋ)**-ਪਹਿਲਗਾਮ ਅੱਤਵਾਦੀ ਹਮਲੇ ਦੇ ਬਦਲੇ ਵਜੋਂ ਭਾਰਤੀ ਫੌਜਾਂ ਵੱਲੋਂ ਆਪਰੇਸ਼ਨ ਸੰਦੂਰ ਤਹਿਤ ਪਾਕਿਸਤਾਨ 'ਚ ਅੱਤਵਾਦੀਆਂ ਦੇ 9 ਠਿਕਾਣਿਆਂ ਉੱਤੇ ਕੀਤੇ ਜ਼ੋਰਦਾਰ ਮਿਜਾਇਲ ਅਟੈਕ ਉੱਤੇ ਬੋਲਦਿਆ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜਸਪ੍ਰੀਤ ਸਿੰਘ ਨੇ ਕਿਹਾ ਕਿ ਭਾਰਤ ਵੱਲੋਂ ਅੱਤਵਾਦ ਖਿਲਾਫ ਜੀਰੋ ਟੋਲਰੈਂਸਨੀਤੀ ਅਪਣਾਈ ਜਾ ਰਹੀ ਹੈ ਅਤੇ ਹੁਣ ਅੱਤਵਾਦੀਆਂ ਨੂੰ ਉਹਨਾਂ ਦੇ ਘਰਾਂ ਵਿੱਚ ਵੜਕੇ ਮਾਰਿਆ ਜਾ ਰਿਹਾ ਹੈ। ਜਸਪ੍ਰੀਤ ਸਿੰਘ ਨੇ ਆਪਰੇਸ਼ਨ ਸੰਦੂਰ ਦੀ ਸਫਲਤਾ ਲਈ ਦੇਸ਼ ਵਾਸੀਆਂ ਅਤੇ ਭਾਰਤੀ ਸੈਨਾਵਾਂ ਨੂੰ ਮੁਬਾਰਕਬਾਦ ਦਿੱਤੀ ਗਈ ਉਨਾਂ ਕਿਹਾ ਕਿ ਆਪਰੇਸ਼ਨ ਸੰਦੂਰ ਦੀ ਸਫਲਤਾ ਨਾਲ ਪਹਿਲਗਾਮ ਹਮਲੇ ਵਿੱਚ ਮਾਰੇ ਗਏ ਨਿਰਦੋਸ਼ ਨਾਗਰਿਕਾਂ ਦੇ ਪਰਿਵਾਰਾਂ ਦੇ ਕਲੇਜਿਆਂ ਵਿੱਚ ਠੰਡ ਪਵੇਗੀ ਅਤੇ ਹੁਣ ਅੱਤਵਾਦੀ ਅਜਿਹੀ ਘਟਨਾ ਨੂੰ ਅੰਜਾਮ ਦੇਣ ਤੋਂ ਪਹਿਲਾਂ 100 ਵਾਰ ਸੋਚਣਗੇ।ਉਨ੍ਹਾਂ ਕਿਹਾ ਕਿ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਜੋ ਸੁਰੱਖਿਆ ਬਲਾਂ ਨੂੰ ਫਰੀ ਹੈਂਡ ਦੇਣ ਦੀ ਰਣਨੀਤੀ ਅਪਣਾਈ ਗਈ ਉਸਦੀ ਹੀ ਬਦੌਲਤ ਭਾਰਤ ਦੀਆਂ ਤਿੰਨੇ ਸੈਨਾਵਾਂ ਨੇ ਇਹ ਜੋਰਦਾਰ ਹਮਲਾ ਬੋਲ ਕੇ ਭਾਰੀ ਗਿਣਤੀ ਵਿੱਚ ਅੱਤਵਾਦੀਆਂ ਨੂੰ ਉਨ੍ਹਾਂ ਦੇ ਅੰਜਾਮ ਤੱਕ ਪਹੁੰਚਾ ਦਿੱਤਾ ਅਤੇ ਹੁਣ ਉਹਨਾਂ ਦੇ ਆਕਾਵਾਂ ਵਿੱਚ ਵੀ ਖੌਫ ਹੈ। ਉਹਨਾਂ ਕਿਹਾ ਕਿ ਭਾਰਤ ਨੇ ਕਦੇ ਵੀ ਜੰਗ ਅਤੇ ਹੋਰ ਕਿਸੇ ਕਿਸਮ ਦੀ ਹਿੰਸਾ ਦੀ ਕਦੇ ਪਹਿਲ ਨਹੀਂ ਕੀਤੀ ਪਰ ਦੁਸ਼ਮਣਾਂ ਦੇ ਨਾ ਪਾਕ ਇਰਾਦਿਆਂ ਨੂੰ ਭਾਰਤੀ ਸੈਨਾਵਾਂ ਜਰੂਰ ਮਲੀਆਮੇਟ ਕਰਨਗੀਆਂ ਤੇ ਭਾਰਤ ਉੱਤੇ ਮੈਲੀ ਅੱਖ ਰੱਖਣ ਵਾਲਿਆਂ ਨੂੰ ਕਰਾਰਾ ਜਵਾਬ ਦਿੱਤਾ ਜਾਵੇਗਾ ਉਹਨਾਂ ਆਮ ਨਾਗਰਿਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਭਾਰਤੀ ਸੈਨਾ ਦਾ ਸਾਥ ਦੇਣ ਅਤੇ ਸੈਨਾ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ੴ ਸਤਿਗੁਰੂ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

**ਸਰਦਾਰ ਮਨਜਿੰਦਰ ਸਿੰਘ ਅਰਸ਼ੀ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 27 ਅਪ੍ਰੈਲ 2025 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ਼੍ਰੀ ਅਖੰਡ ਸਾਹਿਬ ਪਾਠ ਦੇ ਭੋਗ**

**ਮਿਤੀ 24 ਮਈ, 2025 ਸ਼ਨੀਵਾਰ ਦਿਨ ਨੂੰ**

**ਘਰ ਨਜ਼ਦੀਕ ਗੁਰੂਦਵਾਰਾ ਭਾਈ ਸੁਲ੍ਹਾ ਸਾਹਿਬ ਜੀ (ਕਨਵਰ ਐਵੀਨਿਊ )**

ਸਮਾਂ 12 ਤੋਂ 2 ਵਜੇ ਤੱਕ ਪਵੇਗਾ।
ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਸਰਦਾਰ ਪੂਰਨ ਸਿੰਘ ਅਰਸ਼ੀ(ਪਿਤਾ)9876607150।
ਸਰਦਾਰ ਲਖਵਿੰਦਰ ਸਿੰਘ ਅਰਸ਼ੀ (ਭਰਾ) 9872733030।
ਸ: ਜਸਕੀਰਤ ਸਿੰਘ ਅਰਸ਼ੀ (ਪੁੱਤਰ)

ਆਵਾਜ਼ਿ ਕੌਮ AWAZE QAUM International Newspaper & WEB TV


ਪੰਥ ਦੇ ਮਹਾਨ ਪ੍ਰਸਿੱਧ ਵਿਦਵਾਨ ਸਤਿਕਾਰਯੋਗ ਗਿਆਨੀ ਇੰਦਰਜੀਤ ਸਿੰਘ ਜੀ ਰਕਬੇ ਵਾਲਿਆਂ ਦੇ ਦੁਸਹਿਰੇ ਸਮਾਗਮ ਵਿੱਚ

# ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖ਼ਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੇ ਜਥੇ ਸਮੇਤ ਹਾਜ਼ਰੀ ਭਰੀ











ਪੰਥ ਦੇ ਮਹਾਨ ਪ੍ਰਸਿੱਧ ਵਿਦਵਾਨ ਸਤਿਕਾਰਯੋਗ ਗਿਆਨੀ ਇੰਦਰਜੀਤ ਸਿੰਘ ਜੀ ਰਕਬੇ ਵਾਲਿਆਂ ਦੇ ਦੁਸਹਿਰੇ ਸਮਾਗਮ ਵਿੱਚ ਹਾਜ਼ਰੀ ਭਰਦੇ ਹੋਏ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖ਼ਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਨਵ-ਨਿਯੁਕਤ ਮੈਨੇਜਰ

# ਭਾਈ ਜੇ.ਪੀ ਸਿੰਘ ਦਾ 'ਅਮਰ ਖਾਲਸਾ ਫਾਊਂਡੇਸ਼ਨ' ਵੱਲੋਂ ਸਨਮਾਨ



**ਚੌਕ ਮਹਿਤਾ, 8 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ੍ਰੀ ਦਰਬਾਰ ਸਾਹਿਬ ਵਿਖੇ ਲੰਮੇ ਸੇਵਾ ਤੋਂ ਸੇਵਾ ਨਿਭਾ ਰਹੇ ਭਾਈ ਜਤਿੰਦਰਪਾਲ ਸਿੰਘ ਜੇ.ਪੀ ਨੂੰ ਸੈਕਸ਼ਨ 85 ਤੋਂ ਬਦਲ ਕੇ ਬਤੌਰ ਮੈਨੇਜਰ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਲਗਾਇਆ ਗਿਆ ਹੈ। ਅਹੁੱਦਾ ਸੰਭਾਲਣ ਉਪਰੰਤ ਜਿੱਥੇ ਵੱਖ-ਵੱਖ ਸਭਾ, ਸੁਸਾਇਟੀਆਂ ਗੁਰੂ ਘਰ ਦੇ ਪ੍ਰੇਮੀਆਂ ਅਤੇ ਸਮੂਹ ਸਟਾਫ ਵੱਲੋਂ ਨਵ-ਨਿਯੁਕਤ ਮੈਨੇਜਰ ਜਤਿੰਦਰਪਾਲ ਸਿੰਘ ਜੇ.ਪੀ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ। ਉੱਥੇ ਹੀ ਅੱਜ ਵਿਸ਼ੇਸ਼ ਤੌਰ ਤੇ ਜਥੇਬੰਦੀ ਅਮਰ ਖਾਲਸਾ ਫਾਊਂਡੇਸ਼ਨ ਪ੍ਰਧਾਨ ਭਾਈ ਅਵਤਾਰ ਸਿੰਘ ਖਾਲਸਾ ਅਤੇ ਸੀਨੀਅਰ ਮੀਤ ਪ੍ਰਧਾਨ ਸੰਤ ਬਾਬਾ ਪਰਮਜੀਤ ਸਿੰਘ ਜੀ ਮੁਲੇਚੱਕ ਵਾਲਿਆਂ ਅਤੇ ਸਾਥੀਆਂ ਵੱਲੋਂ ਨਵ-ਨਿਯੁਕਤ ਮੈਨੇਜਰ ਜਥੇ: ਜਤਿੰਦਰਪਾਲ ਸਿੰਘ ਜੇਪੀ ਨੂੰ ਸਿਰੋਪਾਓ, ਸ਼੍ਰੀ ਦਰਬਾਰ ਸਾਹਿਬ ਜੀ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ ਗਿਆ। ਗੱਲਬਾਤ ਦੌਰਾਨ ਭਾਈ ਭਾਈ ਖਾਲਸਾ ਅਤੇ ਬਾਬਾ ਪਰਮਜੀਤ ਸਿੰਘ ਜੀ ਨੇ ਸ਼ਲਾਘਾ ਕਰਦਿਆਂ ਕਿਹਾ ਕਿ ਮੈਨੇਜਰ ਜਤਿੰਦਰਪਾਲ ਸਿੰਘ ਇੱਕ ਇਮਾਨਦਾਰ, ਮਿਹਨਤੀ, ਚੰਗੇ ਸੁਭਾਅ ਅਤੇ ਚੰਗੀ ਛਵੀ ਵਾਲੇ ਪ੍ਰਬੰਧਕ ਹੋਣ ਨਾਤੇ ਤਨੋ-ਮਨੋ ਗੁਰੂ ਘਰ ਨੂੰ ਸਮਰਪਿਤ ਹਨ। ਇਸ ਮੌਕੇ ਨਵ-ਨਿਯੁਕਤ ਮੈਨੇਜਰ ਜਤਿੰਦਰਪਾਲ ਸਿੰਘ ਨੇ ਕਿਹਾ ਕਿ ਬਾਬਾ ਦੀਪ ਸਿੰਘ ਜੀ ਨੇ ਕਿਰਪਾ ਕਰਕੇ ਇੱਕ ਨਿਮਾਣਾ ਸਿੱਖ ਹੋਣ ਨਾਤੇ ਇਹ ਜੋ ਸੇਵਾ ਬਖਸ਼ੀ ਹੈ ਉਸ ਲਈ ਮੈਂ ਹਮੇਸ਼ਾ ਪ੍ਰਬੰਧ ਅਤੇ ਸੰਗਤਾਂ ਦੀ ਸੇਵਾ ਲਈ ਤੱਤਪਰ ਰਹਾਂਗਾ। ਉਨਾਂ ਸਮੂਹ ਸਭਾ, ਸੁਸਾਇਟੀਆਂ ਅਤੇ ਪ੍ਰੇਮੀਆਂ ਸਿੰਘ ਨੂੰ ਗੁਰੂ ਘਰ ਦੇ ਪ੍ਰਬੰਧ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਲਈ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ। ਇਸ ਮੌਕੇ ਮੀਤ ਮੈਨੇਜਰ ਜਸਬੀਰ ਸਿੰਘ, ਤਲਵਿੰਦਰ ਸਿੰਘ ਮੋਨੂ ਇੰਚਾਰਜ, ਅੰਮ੍ਰਿਤਪਾਲ ਸਿੰਘ ਇੰਚਾਰਜ ਅਖੰਡ ਪਾਠੀਆਂ, ਭਾਈ ਗੁਰਪ੍ਰੀਤ ਸਿੰਘ ਰੋਡੇ, ਹਰਪਾਲ ਸਿੰਘ ਭੂਰਾ, ਭਾਈ ਅਮਰਜੀਤ ਸਿੰਘ, ਨਿਸ਼ਾਨ ਸਿੰਘ ਪੱਟੀ, ਹਰਜੰਤ ਸਿੰਘ ਆਦਿ ਹਾਜ਼ਰ ਸਨ।

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਦੁੱਖ ਦਾ ਪ੍ਰਗਟਾਵਾ

**ਅੰਮ੍ਰਿਤਸਰ • ਆਵਾਜ਼ਿ ਕੌਮ ਬਿਊਰੋ**



ਇੰਟਰਨੈਸ਼ਨਲ ਪੰਥਕ ਦਲ ਨੇ ਸੜਕ ਹਾਦਸੇ ਵਿੱਚ ਬੱਚਿਆਂ ਅਤੇ ਬੱਸ ਡਰਾਈਵਰ ਦੇ ਮਾਰੇ ਜਾਣ ਉਪਰ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇੰਟਰਨੈਸ਼ਨਲ ਪੰਥਕ ਦਲ ਦੇ ਬੁਲਾਰੇ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲਿਆਂ ਨੇ ਕਿਹਾ ਕਿ ਜਥੇਬੰਦੀ ਦੇ ਸਮੁੱਚੇ ਅਹੁੱਦੇਦਾਰਾਂ ਅਤੇ ਵਰਕਰਾਂ ਨੇ ਬੱਚਿਆਂ ਦੇ ਪਰਿਵਾਰਾਂ ਨਾਲ ਦਿਲੀ ਹਮਦਰਦੀ ਪ੍ਰਗਟ ਕਰਦਿਆਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਹੈ ਕਿ ਉਨ੍ਹਾਂ ਨੂੰ ਇਹ ਅਸਹਿ ਦੁੱਖ ਸਹਿਣ ਦੀ ਸਮਰੱਥਾ ਬਖਸ਼ੇ। ਆਗੂਆਂ ਨੇ ਕਿਹਾ ਹੈ ਕਿ ਇਸ ਹਾਦਸੇ ਵਿਚ ਛੋਟੇ ਛੋਟੇ ਬੱਚਿਆਂ ਦਾ ਮੌਤ ਦੇ ਮੂੰਹ ਵਿਚ ਚਲੇ ਜਾਣਾ ਪਰਿਵਾਰ ਅਤੇ ਸਮਾਜ ਲਈ ਵੱਡਾ ਘਾਟਾ ਹੈ। ਆਗੂਆਂ ਨੇ ਪੰਜਾਬ ਸਰਕਾਰ ਨੂੰ ਵੀ ਕਿਹਾ ਹੈ ਕਿ ਸੜਕਾਂ 'ਤੇ ਬੱਚਿਆਂ ਦੀ ਅਤੇ ਹੋਰ ਮੁਸਾਫਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਟ੍ਰੈਫਿਕ ਅਤੇ ਸੜਕੀ ਪ੍ਰਬੰਧ ਵੱਡੇ ਪੱਧਰ 'ਤੇ ਸੁਧਾਰੇ ਜਾਣ।

### ਖੁੱਡੀਆਂ ਵੱਲੋਂ ਕੇਂਦਰ ਨੂੰ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ

# ਪ੍ਰਤੀ ਹੈਕਟੇਅਰ 17,500 ਦਾ ਨਕਦੀ ਪ੍ਰੋਤਸਾਹਨ ਦੇਣ ਦੀ ਅਪੀਲ

ਨਵੀਂ ਦਿੱਲੀ, 8 ਮਈ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਸਾਉਣੀ ਸੀਜ਼ਨ ਦੌਰਾਨ ਝੋਨੇ ਦੇ ਬਦਲ ਵਜੋਂ ਮੱਕੀ, ਕਪਾਹ ਆਦਿ ਬਦਲਵੀਆਂ ਫਸਲਾਂ ਦੀ ਕਾਸ਼ਤ ਕਰਨ ਵਾਸਤੇ ਕਿਸਾਨਾਂ ਨੂੰ 17,500 ਰੁਪਏ ਪ੍ਰਤੀ ਹੈਕਟੇਅਰ ਦੇ ਹਿਸਾਬ ਨਾਲ ਨਕਦ ਪ੍ਰੋਤਸਾਹਨ ਦੇਵੇ। ਸ. ਖੁੱਡੀਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ 10 ਜੂਨ 2024 ਨੂੰ ਜਾਰੀ ਪੱਤਰ ਰਾਹੀਂ ਫਸਲੀ ਵਿਭਿੰਨਤਾ ਪ੍ਰੋਗਰਾਮ (ਸੀ.ਡੀ.ਪੀ) ਰਾਹੀਂ ਸੂਬੇ ਵਿਚ ਝੋਨੇ ਦੇ ਬਦਲ ਸਬੰਧੀ ਸੋਧੀਆਂ ਹੋਏ ਨਿਰਦੇਸ਼ ਜਾਰੀ ਕੀਤੇ ਗਏ ਸਨ। ਉਨਾਂ ਕਿਹਾ ਕਿ ਇਸ ਤਹਿਤ ਸਾਉਣੀ ਸੀਜਨ ਦੌਰਾਨ ਝੋਨੇ ਦੀ ਥਾਂ ਕੋਈ ਹੋਰ ਬਦਲਵੀਂ ਫਸਲ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ 17,500 ਰੁਪਏ ਪ੍ਰਤੀ ਹੈਕਟੇਅਰ ਦੇ ਹਿਸਾਬ ਨਾਲ ਦਾ ਨਗਦ ਪ੍ਰੋਤਸਾਹਨ ਦੇਣ ਬਾਰੇ ਕਿਹਾ ਗਿਆ ਸੀ। ਉਨਾਂ ਕਿਹਾ ਕਿ ਇਸ ਪੱਤਰ ਮੁਤਾਬਕ ਪ੍ਰਤੀ ਕਿਸਾਨ 5 ਹੈਕਟੇਅਰ ਤੱਕ ਇਸ ਸਕੀਮ ਤਹਿਤ ਲਾਭ ਲੈ ਸਕਦਾ ਹੈ। ਇਸ ਦੀ ਲਗਾਤਾਰਤਾ ਵਿਚ ਪਿਛਲੇ ਸਾਲ ਨਵੰਬਰ ਤੇ ਦਸੰਬਰ ਵਿਚ ਦੋ ਹੋਰ ਜਾਰੀ ਕੀਤੇ ਪੱਤਰਾਂ ਵਿਚ ਨਕਦੀ ਪ੍ਰੋਤਸਾਹਨ ਦੇਣ ਦਾ ਕੋਈ ਜਿਕਰ ਨਹੀਂ ਕੀਤਾ ਗਿਆ, ਜਿਸ ਨੇ ਕਿਸਾਨਾਂ ਲਈ ਅਨਿਸਚਿਤਤਾ ਦੀ ਸਥਿਤੀ ਪੈਦਾ ਕਰ ਦਿੱਤੀ। ਸ. ਖੁੱਡੀਆਂ ਅੱਜ ਇਥੇ ਕੇਂਦਰੀ ਖੇਤੀਬਾੜੀ ਮੰਤਰਾਲੇ ਵੱਲੋਂ ਪੂਸਾ ਕੰਪਲੈਕਸ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਕਰਵਾਈ ਗਈ ਕੌਮੀ ਖੇਤੀਬਾੜੀ ਕਾਨਫਰੰਸ-2025 ਵਿਚ ਸ਼ਿਰਕਤ ਕਰਨ ਲਈ ਪੁੱਜੇ ਸਨ। ਇਸ ਕਾਨਫਰੰਸ ਦਾ ਉਦਘਾਟਨ ਕੇਂਦਰੀ ਖੇਤੀਬਾੜੀ ਮੰਤਰੀ ਸ੍ਰੀ ਸ਼ਿਵਰਾਜ ਚੌਹਾਨ ਨੇ ਕੀਤਾ। ਪੰਜਾਬ ਦੇ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਭਾਰਤ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਉਹ ਝੋਨੇ ਦੀ ਪਰਾਲੀ ਦੇ ਪ੍ਰਬੰਧਨ ਉਤੇ ਆਉਣ ਵਾਲੇ ਵਾਧੂ ਖਰਚੇ ਦੇ ਬਦਲੇ ਕਿਸਾਨਾਂ ਨੂੰ ਪ੍ਰਤੀ ਏਕੜ ਦੇ ਅਧਾਰ ਤੇ ਮੁਆਵਜ਼ਾ ਦੇ ਕੇ ਸਮਰਥਨ ਅਤੇ ਸਹਿਯੋਗ ਕਰੇ ਤਾਂ ਜੋ ਦਿੱਲੀ, ਹਰਿਆਣਾ ਅਤੇ ਪੰਜਾਬ ਵਿਚ ਪਰਾਲੀ ਸਾੜਨ ਤੇ ਹਵਾ ਪ੍ਰਦੂਸ਼ਣ ਦੇ ਖਤਰੇ ਨਾਲ ਨਜਿੱਠਿਆ ਜਾ ਸਕੇ। ਉਨਾਂ ਦੁਹਰਾਇਆ ਕਿ ਇਸ ਸਬੰਧੀ ਪੰਜਾਬ ਸਰਕਾਰ ਆਪਣਾ ਬਣਦਾ ਯੋਗਦਾਨ ਪਾਉਣ ਲਈ ਵਚਨਬੱਧ ਹੈ। ਪੰਜਾਬ ਦੇ ਖੇਤੀਬਾੜੀ ਮੰਤਰੀ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਫਸਲੀ ਵਿਭਿੰਨਤਾ ਪ੍ਰਤੀ ਕਿਸਾਨਾਂ ਨੂੰ ਪ੍ਰੇਰਿਤ ਕਰਨ ਲਈ ਉਕਤ ਨਕਦੀ ਪ੍ਰੋਤਸਾਹਨ ਦੀ ਯੋਜਨਾਂ ਨੂੰ ਬਿਨਾਂ ਦੇਰੀ ਲਾਗੂ ਕਰੇ ਤਾਂ ਜੋ ਪੰਜਾਬ ਸਰਕਾਰ ਵੱਲੋਂ ਇਸ ਖੇਤਰ ਵਿਚ ਕੀਤੇ ਜਾ ਰਹੇ ਯਤਨਾ ਨੂੰ ਹੋਰ ਮਜ਼ਬੂਤੀ ਮਿਲ ਸਕੇ। ਉਹਨਾਂ ਕਿਹਾ ਕਿ ਕਪਾਹ ਦੀ ਫਸਲ ਤਹਿਤ ਪਹਿਲਾਂ ਪੰਜਾਬ ਵਿਚ ਰਕਬਾ 8 ਲੱਖ ਹੈਕਟੇਅਰ ਦੇ ਕਰੀਬ ਸੀ ਜੋ ਹੁਣ ਘੱਟ ਕੇ ਇਕ ਲੱਖ ਹੈਕਟੇਅਰ ਦੇ ਕਰੀਬ ਰਹਿ ਗਿਆ ਹੈ। ਉਨਾਂ ਕਿਹਾ ਕਿ ਇਸ ਵਿੱਤੀ ਸਹਾਇਤਾ ਨਾਲ ਜਿਥੇ ਬਦਲਵੀਆਂ ਫਸਲਾਂ ਦੀ ਬਿਜਾਈ ਵੱਲ ਕਿਸਾਨ ਉਸਾਰੂ ਹੁੰਘਾਰਾ ਭਰਨਗੇ ਉਥੇ ਸੂਬਾ ਸਰਕਾਰ ਵੱਲੋਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਵੀ ਇਹ ਯੋਜਨਾ ਕਾਰਗਰ ਸਾਬਤ ਹੋ ਸਕਦੀ ਹੈ। ਖਾਦਾ ਦੀ ਨਿਰਧਾਰਤ ਸਪਲਾਈ ਦੇ ਮੁੱਦੇ ਤੇ ਉਨਾਂ ਕਿਹਾ ਕਿ ਪੰਜਾਬ ਕੇਂਦਰੀ ਪੂਲ ਵਿਚ 21 ਫੀਸਦ ਝੋਨਾ ਤੇ 46 ਫੀਸਦ ਕਣਕ ਦਾ ਯੋਗਦਾਨ ਪਾਉਂਦਾ ਹੈ ਜੋ ਕਿ ਖਾਦਾਂ ਦੀ ਲੋੜੀਂਦੀ ਮਾਤਰਾ ਦੀ ਨਿਰੰਤਰ ਸਪਲਾਈ ਸਦਕਾ ਹੀ ਸੰਭਵ ਹੋਇਆ ਹੈ। ਉਨ੍ਹਾਂ ਕਿਹਾ ਕਿ ਹਾੜ੍ਹੀ ਦੇ ਮੌਸਮ ਦੌਰਾਨ ਫਾਸਫੇਟਿਕ ਖਾਦਾਂ ਦੀ ਆਮ ਤੌਰ ਤੇ ਘਾਟ ਦਰਪੇਸ਼ ਆਉਂਦੀ ਹੈ। ਇਸ ਲਈ ਇਹ ਜ਼ਰੂਰੀ ਹੈ ਕਿ ਸਾਉਣੀ ਦੇ ਮੌਸਮ ਤੋਂ ਹੀ ਇਹਨਾਂ ਖਾਦਾਂ ਦੀ ਸਪਲਾਈ ਨਿਰੰਤਰ ਬਣਾਕੇ ਰੱਖੀ ਜਾਵੇ। ਸ. ਖੁੱਡੀਆਂ ਨੇ ਕੇਂਦਰ ਸਰਕਾਰ ਨੂੰ ਕਣਕ ਦੇ ਬੀਜ ਤੇ ਸਬਸਿਡੀ ਜਾਰੀ ਰੱਖਣ ਦੀ ਅਪੀਲ ਕੀਤੀ ਹੈ। ਉਨਾਂ ਕਿਹਾ ਕਿ ਭਾਰਤ ਦੀ ਖੇਤੀਬਾੜੀ ਖੋਜ ਕੌਂਸਲ ਦੇ ਅਨੁਮਾਨਾ ਅਨੁਸਾਰ ਦੇਸ਼ ਨੂੰ ਆਉਂਣ ਵਾਲੇ ਸਮੇਂ ਵਿਚ 345 ਮਿਲਿਅਨ ਮਿਲੀਅਨ ਮੀਟ੍ਰਿਕ ਟਨ ਅਨਾਜ ਦੀ ਲੋੜ ਪਵੇਗੀ ਜੋ ਕਿ ਇਸ ਵੇਲੇ 298.82 ਮਿਲੀਅਨ ਮੀਟ੍ਰਿਕ ਟਨ ਹੈ। ਇਨਾਂ ਅਨੁਮਾਨਾਂ ਅਨੁਸਾਰ ਦੇਸ਼ ਨੂੰ ਲੋੜੀਂਦੀ ਮਾਤਰਾ ਵਿਚ ਪੂਰਾ ਕਰਨ ਲਈ ਅਨਾਜੀ ਫਸਲਾਂ ਦੇ ਖੇਤਰ ਜਾਂ ਉਤਪਾਦਨ ਵਿਚ ਵਾਧਾ ਕਰਨ ਦੀ ਜ਼ਰੂਰਤ ਹੈ। ਉਨਾਂ ਕਿਹਾ ਕਿ ਕੌਂਸਲ ਅਨੁਸਾਰ ਹਰ ਸਾਲ ਕਣਕ ਦਾ 33 ਫੀਸਦ ਬੀਜ ਬਦਲਣ ਦੀ ਜ਼ਰੂਰਤ ਹੈ ਜਿਸ ਲਈ ਲਗਭਗ 20 ਕਰੋੜ ਰੁਪਏ ਲੋੜੀਂਦੇ ਹਨ। ਪਰ ਭਾਰਤ ਸਰਕਾਰ ਵੱਲੋਂ ਐਨ.ਐਫ.ਐਸ.ਐਮ ਅਤੇ ਐਰ.ਕੇ.ਵੀ.ਵਾਈ ਸਕੀਮਾਂ ਅਧੀਨ ਕਣਕ ਦੇ ਬੀਜ ਤੇ ਸਬਸਿਡੀ ਬੰਦ ਕਰ ਦਿੱਤੀ ਗਈ ਹੈ। ਜਿਸਦੀ ਦੇਸ਼ ਦੀ ਵਧ ਰਹੀ ਆਬਾਦੀ ਨੂੰ ਭੋਜਨ ਦੇਣ ਦੇ ਵੱਡੇ ਹਿੱਤ ਲਈ ਜਾਰੀ ਰੱਖਿਆ ਜਾਣਾ ਚਾਹੀਦਾ ਹੈ।

# ਬੱਲ ਮਲਕੀਤ ਸਿੰਘ ਸਿੰਘ ਨੇ ਫੌਜੀ ਹਮਲੇ ਦੀ ਕੀਤੀ ਸ਼ਲਾਘਾ




**ਅੰਮ੍ਰਿਤਸਰ, 8 ਮਈ ( ਹਰਪਾਲ ਸਿੰਘ)**-ਭਾਰਤੀ ਸੁਰੱਖਿਆ ਬਲਾਂ ਵੱਲੋਂ 'ਓਪਰੇਸ਼ਨ ਸਿੰਦੂਰ' ਦੇ ਤਹਿਤ ਅਤਿਵਾਦੀਆਂ ਦੇ ਠਿਕਾਣਿਆਂ ਵਿਰੁਧ ਕੀਤੀ ਗਈ ਕਾਰਵਾਈ ਬਹੁਤ ਹੀ ਸਰਾਹਣਯੋਗ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋ ਵੀ ਬੁੱਧਵਾਰ ਨੂੰ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿਚ ਅੱਤਵਾਦੀ ਕੈਂਪਾ ਤੇ ਮਿੱਥੇ ਹਮਲੇ ਕਰਨ ਲਈ ਭਾਰਤੀ ਹਥਿਆਰਬੰਦ ਫੋਰਸਾਂ ਦੀ ਸ਼ਲਾਘਾ ਕੀਤੀ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੱਲ ਮਲਕੀਤ ਸਿੰਘ ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ ਉਨ੍ਹਾਂ ਦੱਸਿਆ ਕਿ ਮੰਗਲਵਾਰ ਅਤੇ ਬੁਧਵਾਰ ਦੀ ਰਾਤ ਭਾਰਤੀ ਹਵਾਈ ਫੌਜ ਨੇ ਅਤਿਵਾਦੀਆਂ ਕੈਂਪਾਂ ਨੂੰ ਨਿਸ਼ਾਨਾ ਬਣਾਕੇ ਫੌਜ ਦੀ ਬਹਾਦਰੀ ਅਤੇ ਪੇਸ਼ਾਵਰਤਾ ਦਾ ਪ੍ਰਦਰਸ਼ਨ ਕੀਤਾ। ਬੱਲ ਮਲਕੀਤ ਸਿੰਘ ਨੇ ਕਿਹਾ ਕਿ "ਮੈਂ ਆਪਣੇ ਸੁਰੱਖਿਆ ਬਲਾਂ ਦੀ ਬੇਮਿਸਾਲ ਬਹਾਦਰੀ ਅਤੇ ਅਟੁੱਟ ਪੇਸ਼ਾਵਰਤਾ ਦੀ ਦਿਲੋਂ ਪ੍ਰਸ਼ੰਸਾ ਕਰਦਾ ਹਾਂ, ਜਿਨ੍ਹਾਂ ਨੇ ਅਤਵਾਦੀਆਂ ਠਿਕਾਣਿਆਂ ਵਿਰੁਧ ਫੈਸਲਾਕੁਨ ਕਾਰਵਾਈ ਕੀਤੀ। ਇਸ ਨਾਜ਼ੁਕ ਵੇਲੇ ਵਿੱਚ, ਦੇਸ਼ ਦੀ ਏਕਤਾ ਅਤੇ ਸੁਰੱਖਿਆ ਦੀ ਰੱਖਿਆ ਸਾਡੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੋਣੀ ਚਾਹੀਦੀ ਹੈ। ਅਤਿਵਾਦੀਆਂ ਠਿਕਾਣਿਆਂ ਨੂੰ ਤਬਾਹ ਕਰਕੇ ਹਵਾਈ ਫੌਜ ਨੇ ਉਹਨਾਂ ਅਤਿਵਾਦੀਆਂ ਅਤੇ ਉਨ੍ਹਾਂ ਦੇ ਪਿੱਛੇ ਖੜੇ ਲੋਕਾਂ ਨੂੰ ਢੁੱਕਵਾਂ ਜਵਾਬ ਦਿੱਤਾ ਹੈ, ਜੋ ਭਾਰਤ ਅਤੇ ਪਾਕਿਸਤਾਨ ਸਮੇਤ ਪੂਰੇ ਉਪ-ਮਹਾਦੀਪ ਵਿੱਚ ਨਫ਼ਰਤ ਅਤੇ ਅਸੰਤੋਖ ਫੈਲਾ ਰਹੇ ਹਨ। ਉਨ੍ਹਾਂ ਨੇ ਕਿਹਾ, "ਇਹ ਉਹਨਾਂ ਬੇਗੁਨਾਹ ਲੋਕਾਂ ਦੀ ਹੱਤਿਆ ਦਾ ਢੁੱਕਵਾਂ ਜਵਾਬ ਹੈ, ਜੋ ਆਪਣੇ ਪਰਿਵਾਰਾਂ ਸਮੇਤ ਪਹਿਲਗਾਮ ਗਏ ਸਨ ਅਤੇ ਕੁਝ ਅਤਿਵਾਦੀਆਂ ਦੀ ਘਿਨੌਣੀ ਸੋਚ ਕਰਕੇ ਆਪਣੀ ਜਾਨਾਂ ਗੁਆ ਬੈਠੇ। ਬੱਲ ਮਲਕੀਤ ਸਿੰਘ ਨੇ ਕਿਹਾ ਕਿ ਪਹਿਲਗਾਮ ਹਮਲੇ ਦੇ ਜ਼ਿੰਮੇਵਾਰਾਂ ਅਤੇ ਯੋਜਕਾਂ ਨੂੰ ਇਨਸਾਫ਼ ਦੇ ਕਟਿਹਰੇ ਵਿੱਚ ਲਿਆਉਣਾ ਲਾਜ਼ਮੀ ਸੀ। ਉਨ੍ਹਾਂ ਭਾਰਤੀ ਸੁਰੱਖਿਆ ਬਲਾਂ ਨੇ ਪਾਕਿਸਤਾਨ ਅਤੇ ਪਾਕਿਸਤਾਨ ਅਧੀਨ ਕਸ਼ਮੀਰ ਦੇ ਅੰਦਰ ਨੌਂ ਥਾਵਾਂ 'ਤੇ ਹਮਲੇ ਕੀਤੇ ਹਨ ਅਤੇ ਇਸ ਕਾਰਵਾਈ ਲਈ ਪੂਰਾ ਦੇਸ਼ ਭਾਰਤ ਸਰਕਾਰ ਦੇ ਨਾਲ ਚਟਾਨ ਵਾਂਗ ਖੜਾ ਹੈ। ਭਾਰਤ ਦੇ ਬੇਗੁਨਾਹ ਲੋਕਾਂ ਦੀ ਅੱਤਵਾਦੀਆਂ ਵੱਲੋਂ ਕੀਤੀ ਜਾ ਰਹੀ ਹੱਤਿਆ ਕਦੇ ਵੀ ਕਬੂਲਯੋਗ ਨਹੀਂ, ਇਹ ਤੁਰੰਤ ਰੁਕਣੀ ਚਾਹੀਦੀ ਹੈ, ਤਾਂ ਕਿ ਹਰ ਭਾਰਤੀ ਨਾਗਰਿਕ ਜੰਮੂ-ਕਸ਼ਮੀਰ ਵਿੱਚ ਖੁੱਲ੍ਹੇ ਦਿਲ ਨਾਲ ਆ-ਜਾ ਸਕੇ, ਕਿਉਂਕਿ ਇਹ ਭਾਰਤ ਦਾ ਅਟੁੱਟ ਹਿੱਸਾ ਹੈ।

## ਰੱਬੀ ਰੂਹਾਂ !



ਖਰੜ ਅਕਾਲ ਤਖਤ ਸਾਹਿਬ ਵਾਲੀ ਪੰਜ ਮੈਂਬਰੀ ਕਮੇਟੀ ਦਾ ਸਮਾਗਮ ਸੀ। ਇਹ ਬਾਪੂ ਜੀ ਸਵੇਰੇ ਦੇ ਆਏ ਹੋਏ ਸੀ, ਬਹੁਤ ਸਮਾਂ ਇਹਨਾਂ ਨੂੰ ਵਾਚਦਾ ਰਿਹਾ ਮੈਂ, ਪੈਰ ਦਾ ਜੋੜਾ ਇਹਨਾਂ ਪੰਡਾਲ ਤੋਂ ਬਾਹਰ ਲਾਹਿਆ ਸੀ (ਸ਼ਾਇਦ ਮਨ ਦੀ ਭਾਵਨਾ ਹੋਣੀ ਕਿ ਪੰਥ ਦਾ ਸਮਾਗਮ ਆ) ਇਹ ਪੰਡਾਲ 'ਚ ਕਈ ਥਾਂ ਖੜ੍ਹੇ ਦੇਖੇ ਇਹਨਾਂ ਦੇ ਹੱਥ ਇਸੇ ਤਰਾਂ ਹੀ ਜੋੜੇ ਹੋਏ ਸੀ, ਕਿਸੇ ਨਾਲ ਕੋਈ ਗੱਲਬਾਤ ਕਰਦੇ ਨਹੀਂ ਦੇਖੇ, ਆਪਣੇ ਆਪ ਮਸਤ ਪਤਾ ਨਹੀਂ ਕਿੱਥੇ ਲੀਨ ਸੀਗੇ , ਜਦੋਂ ਗਿਆਨੀ ਹਰਪ੍ਰੀਤ ਸਿੰਘ ਸਟੇਜ ਤੇ ਪਹੁੰਚੇ ਤਾਂ ਇਹ ਆ ਕੇ ਉਹਨਾਂ ਦੇ ਪਿਛਲੀ ਕਤਾਰ 'ਚ ਕੁਰਸੀ ਤੇ ਆ ਕੇ ਬੈਠ ਗਏ, ਮੈਥੋਂ ਰਿਹਾ ਜਿਹਾ ਨਹੀਂ ਗਿਆ ਮੈਂ ਜਾਕੇ ਇਹਨਾਂ ਦੀ ਫੋਟੋ ਕੀਤੀ, ਫਿਰ ਗੋਡੀਂ ਹੱਥ ਲਾਏ "ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਬਾਪੂ ਜੀ" ਬੁਲਾਇਆ, ਇਹਨਾਂ ਬਿਨਾਂ ਕੁਝ ਬੋਲੇ ਮੇਰੇ ਮੋਢੇ ਤੇ ਹੱਥ ਰੱਖਤਾ! ਉਮਰ ਹਾਲਾਤ ਦੱਸਦੇ ਕਿ ਕੋਈ ਨਿੱਜ ਲਾਲਚ ਕਰਕੇ ਤਾਂ ਆਏ ਨਹੀਂ ਪਤਾ ਨਹੀਂ ਮਨ 'ਚ ਕਿਹੜੀ ਭਾਵਨਾ ਹੋਣੀ, ਮੈਂ ਵਾਪਸੀ ਤੇ ਰਾਸਤੇ 'ਚ ਵੀ ਤੇ ਰਾਤ ਘਰੇ ਪਿਆ ਵੀ ਇਹੋ ਸੋਚੀ ਗਿਆ ਇਥੇ ਇਹੋ ਜਿਹੀਆਂ ਰੂਹਾਂ ਵੀ ਹੈਗੀਆਂ ਜੋ ਸਾਡੀ ਸਮਝ ਦੇ ਦਾਇਰੇ ਤੋਂ ਪਰ੍ਹੇ ਆ !

# ਘਬਰਾਓ ਨਹੀਂ, ਸੁਚੇਤ ਰਹੋ- ਜ਼ਿਲ੍ਹਾ ਮੈਜਿਸਟ੍ਰੇਟ : ਡਿਪਟੀ ਕਮਿਸ਼ਨਰ ਬਠਿੰਡਾ ਵੱਲੋਂ ਜ਼ਿਲਾ ਵਾਸੀਆਂ ਨੂੰ ਖਾਸ ਅਪੀਲ



**ਬਠਿੰਡਾ, 8 ਮਈ (ਗੁਰਜੰਟ ਸਿੰਘ ਨਥੇਹਾ)**- ਜ਼ਿਲ੍ਹਾ ਮੈਜਿਸਟ੍ਰੇਟ ਬਠਿੰਡਾ ਨੇ ਵਰਤਮਾਨ ਹਲਾਤਾਂ ਦੇ ਮੱਦੇਨਜਰ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਘਬਰਾਹਟ ਵਿਚ ਨਾ ਆਉਣ ਪਰ ਸੁਚੇਤ ਰਹਿਣ। ਉਨ੍ਹਾਂ ਨੇ ਕਿਹਾ ਕਿ ਸਿਵਲ ਤੇ ਪੁਲਿਸ ਪ੍ਰਸ਼ਾਸਨ ਪੂਰੀ ਤਰਾਂ ਚੌਕਸ ਹੈ ਅਤੇ ਹਰ ਸਥਿਤੀ ਤੇ ਨਜਰ ਰੱਖੀ ਜਾ ਰਹੀ ਹੈ। ਜ਼ਿਲ੍ਹਾ ਮੈਜਿਸਟ੍ਰੇਟ ਨੇ ਇਸ ਸਬੰਧੀ ਲੋਕਾਂ ਨੂੰ ਜਾਣੂ ਕਰਦਿਆਂ ਕਿਹਾ ਕਿ ਕਿਸੇ ਵੀ ਅਪਾਤ ਸਥਿਤੀ ਪ੍ਰਤੀ ਸੁਚੇਤ ਰਹਿਣ ਲਈ ਕੁਝ ਮੁੱਢਲੇ ਨਿਯਮ ਹਨ ਜਿੰਨ੍ਹਾਂ ਦਾ ਪਾਲਣ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਜੇਕਰ ਖਤਰੇ ਦਾ ਸੰਕੇਤ ਮਿਲੇ ਤਾਂ ਸਭ ਤੋਂ ਪਹਿਲਾਂ ਕਿਸੇ ਇਮਾਰਤ ਦੇ ਅੰਦਰ ਸ਼ਰਨ ਲੈਣੀ ਹੈ। ਜੇਕਰ ਇਮਾਰਤ ਬਹੁਮੰਜਲਾ ਹੋਵੇ ਤਾਂ ਉਸਦੇ ਹੇਠਲੇ ਤਲ ਤੇ ਆ ਜਾਓ। ਹਰ ਪ੍ਰਕਾਰ ਦੀ ਲਾਈਟ ਬੰਦ ਕਰ ਦਿਓ। ਗੈਸ ਸਿੰਲਡਰ ਦੀ ਸਪਲਾਈ ਵੀ ਵਰਤੋਂ ਨਾ ਹੋਣ ਸਮੇਂ ਬੰਦ ਰੱਖੋ। ਘਰ ਦੇ ਅੰਦਰ ਵੀ ਕਿਸੇ ਕੋਨੇ ਵਿਚ ਦਿਵਾਰ ਨਾਲ ਲੁਕੋ। ਖਿੜਕੀ ਵਿਚ ਨਾ ਆਓ। ਜਦ ਤੱਕ ਆਮ ਹਾਲਾਤ ਦਾ ਸੰਕੇਤ ਨਹੀਂ ਮਿਲਦਾ ਬਾਹਰ ਨਾ ਨਿਕਲੋ। ਜੇਕਰ ਨੇੜੇ ਇਮਾਰਤ ਨਾ ਹੋਵੇ ਤਾਂ ਕਿਸੇ ਦਰਖੱਤ ਦੀ ਓਟ ਲਈ ਜਾਵੇ। ਜੇਕਰ ਵਾਹਨ ਚਲਾ ਰਹੇ ਹੋ ਤਾਂ ਵਾਹਨ ਸੜਕ ਕਿਨਾਰੇ ਰੋਕ ਉਸਦੀਆਂ ਲਾਈਟਾਂ ਬੰਦ ਕਰਕੇ ਧਰਤੀ ਤੇ ਛਾਤੀ ਦੇ ਭਾਰ ਲੇਟ ਲਵੋ ਅਤੇ ਕੰਨਾਂ ਨੂੰ ਉਂਗਲਾਂ ਨਾਲ ਬੰਦ ਕਰ ਲਵੋ। ਉਨ੍ਹਾਂ ਨੇ ਸਾਰੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਰਾਤ ਸਮੇਂ ਕੋਈ ਵੀ ਗੈਰਜਰੂਰੀ ਲਾਈਟ ਨਾ ਜਗਾਈ ਜਾਵੇ ਅਤੇ ਖ਼ਤਰੇ ਸਮੇਂ ਇਨਵਰਟਰ, ਜਨਰੇਟਰ ਸਮੇਤ ਕਿਸੇ ਵੀ ਤਰੀਕੇ ਨਾਲ ਕੋਈ ਰੌਸ਼ਨੀ ਨਹੀਂ ਕਰਨੀ ਹੈ। ਸਾਉਣ ਸਮੇਂ ਵੀ ਯਕੀਨੀ ਕਰੋ ਕਿ ਘਰ ਦੇ ਬਾਹਰ ਜਾਂ ਅੰਦਰ ਦੀ ਕਿਸੇ ਲਾਈਟ ਦੀ ਰੌਸ਼ਨੀ ਬਾਹਰ ਨਾ ਜਾ ਰਹੀ ਹੋਵੇ ਅਤੇ ਲਾਈਟਾਂ ਬੰਦ ਕਰ ਦਿਓ। ਜੇਕਰ ਘਰਾਂ ਵਿਚ ਸੀਸੀਟੀਵੀ ਕੈਮਰੇ ਲੱਗੇ ਹਨ ਤਾਂ ਉਨ੍ਹਾਂ ਤੇ ਵੀ ਜੇਕਰ ਲਾਈਟ ਲੱਗੀ ਹੈ ਤਾਂ ਉਸਨੂੰ ਵੀ ਬੰਦ ਕਰ ਦਿਓ। ਉਨ੍ਹਾਂ ਨੇ ਕਿਹਾ ਕਿ ਖਤਰੇ ਸਮੇਂ ਘਰ ਦੇ ਅੰਦਰ ਰਹਿਣਾ ਹੈ ਅਤੇ ਘਬਰਾ ਕੇ ਛੱਤ ਜਾਂ ਬਾਹਰ ਨਹੀਂ ਆਉਣਾ ਹੈ ਅਤੇ ਨਾ ਹੀ ਬਲੈਕ ਆਊਟ ਵੇਲੇ ਵੀਡੀਓਗ੍ਰਾਫੀ ਫੋਟੋਗ੍ਰਾਫੀ ਕਰਨੀ ਹੈ ਕਿਉਂਕਿ ਮੋਬਾਇਲ ਦੀ ਸਕਰੀਨ ਦੀ ਰੌਸਨੀ ਦੁਸ਼ਮਣ ਨੂੰ ਤੁਹਾਡੀ ਥਾਂ ਪ੍ਰਗਟ ਕਰ ਸਕਦੀ ਹੈ। ਆਪਣੇ ਫੋਨ ਨੂੰ ਹਮੇਸ਼ਾ ਚਾਰਜ ਰੱਖੋ। ਕਿਸੇ ਵੀ ਮੁਸਕਿਲ ਸਮੇਂ ਐਮਰਜੈਂਸੀ ਹੈਲਪਲਾਈਨ ਨੰਬਰ 0164-2862100 ਅਤੇ 0164-2862101 'ਤੇ ਕਾਲ ਕਰ ਸਕਦੇ ਹੋ। ਪ੍ਰਸ਼ਾਸ਼ਨ ਵੱਲੋਂ ਜਾਰੀ ਕੀਤੇ ਅਧਿਕਾਰਤ ਸੁਨੇਹਿਆਂ ਤੇ ਹੀ ਯਕੀਨ ਕਰੋ। ਨਾ ਆਪ ਕਿਸੇ ਅਫਵਾਹ ਤੇ ਅਮਲ ਕਰੋ ਤੇ ਨਾ ਹੀ ਕੋਈ ਅਫਵਾਹ ਫੈਲਾਓ। ਉਨ੍ਹਾਂ ਨੇ ਕਿਹਾ ਕਿ ਇਹ ਜਾਣਕਾਰੀ ਅਗਾਊਂ ਤੌਰ 'ਤੇ ਸੁਚੇਤ ਕਰਨ ਲਈ ਹੈ ਅਤੇ ਕਿਸੇ ਵੀ ਘਬਰਾਹਟ ਵਿਚ ਨਾ ਆਇਆ ਜਾਵੇ।

ਅੱਜ 9 ਮਈ ਨੂੰ ਬਰਸੀ 'ਤੇ ਵਿਸ਼ੇਸ਼

# .ਗਦਰ ਲਹਿਰ ਦੇ ਪ੍ਰਮੁੱਖ ਆਗੂ-ਬਾਬਾ ਜਵਾਲਾ ਸਿੰਘ ਨੂੰ ਯਾਦ ਕਰਦਿਆਂ



ਦੇਸ਼ ਦੀ ਅਜ਼ਾਦੀ ਲਈ ਚੱਲੀਆਂ ਲਹਿਰਾਂ ਵਿੱਚੋਂ ਪ੍ਰਮੁੱਖ ਲਹਿਰ ਗ਼ਦਰ ਲਹਿਰ ਹੈ । ਇਸ ਲਹਿਰ ਨੇ ਅਨੇਕਾਂ ਕ੍ਰਾਂਤੀਕਾਰੀ ਸੂਰਬੀਰਾਂ ਨੂੰ ਜਨਮ ਦਿੱਤਾ । ਜਿਨ੍ਹਾਂ ਜਾਨ ਜੋਖਮ ਵਿੱਚ ਪਾ ਕੇ ਕੁਰਬਾਨੀਆਂ ਦੀ ਝੜੀ ਲਾ ਦਿੱਤੀ । ਇਸ ਲਹਿਰ ਦੇ ਦਿਮਾਗ ਸਮਝੇ ਜਾਣ ਵਾਲੇ ਪ੍ਰਮੁੱਖ ਆਗੂਆਂ ਵਿੱਚੋਂ ਇਕ ਸਨ ਬਾਬਾ ਜਵਾਲਾ ਸਿੰਘ ਠੱਠੀਆਂ । ਇਸ ਬਹਾਦਰ ਗ਼ਦਰੀ ਬਾਬੇ ਨੂੰ ਇਸ ਲਹਿਰ ਦਾ ਦਿਮਾਗ ਕਿਹਾ ਜਾਂਦਾ ਸੀ ।ਬਾਬਾ ਜਵਾਲਾ ਸਿੰਘ ਦਾ ਜਨਮ 1866 ਈ: ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਠੱਠੀਆਂ ਵਿਖੇ ਸ: ਕਨ੍ਹਈਆ ਸਿੰਘ ਦੇ ਗ੍ਰਹਿ ਵਿਖੇ ਹੋਇਆ ।ਤੰਗੀਆਂ ਤੁਰਸ਼ੀਆਂ ਵਾਲੇ ਜੀਵਨ ਤੋਂ ਛੁਟਕਾਰਾ ਪਾਉਣ ਲਈ ਵੱਡੇ ਸੁਪਨਿਆਂ ਨੂੰ ਸਾਕਾਰ ਕਰਨ ਲਈ 40 ਕੁ ਸਾਲ ਦੀ ਉਮਰ ਵਿੱਚ ਘਰ ਛੱਡ ਕੇ ਵਿਦੇਸ਼ ਵੱਲ ਨੂੰ ਚੱਲ ਪਿਆ ।ਚੀਨ, ਪਨਾਮਾ ਅਤੇ ਮੈਕਸੀਕੋ ਹੁੰਦਾ ਹੋਇਆ 1908 ਈ: ਵਿੱਚ ਕੈਲੇਫੋਰਨੀਆਂ (ਅਮਰੀਕਾ) ਪਹੁੰਚ ਗਿਆ । ਇਥੇ ਪਹੁੰਚ ਕੇ ਇਨ੍ਹਾਂ ਦਾ ਮਿਲਾਪ ਬਾਬਾ ਵਿਸਾਖਾ ਸਿੰਘ ਨਾਲ ਹੋਇਆ ।ਇਨ੍ਹਾਂ ਦੋਵੇਂ ਸਿਰੜੀ ਜੀਊੜਿਆਂ ਨੇ ਰੱਲ ਕੇ ਆਪ ਪਿਤਾ ਪੁਰਖੀ ਕਿੱਤਾ ਖੇਤੀਬਾੜੀ ਕਰਨ ਦੀ ਸੋਚ ਨੂੰ ਪੂਰਿਆਂ ਕਰਨ ਦੀ ਖਾਤਰ ਇਥੇ ਪੰਜ ਸੌ ਏਕੜ ਦਾ ਫਾਰਮ ਠੇਕੇ ਉੱਤੇ ਲੈ ਕੇ ਆਲੂ ਦੀ ਖੇਤੀ ਸ਼ੁਰੂ ਕੀਤੀ ।ਧਾਰਮਿਕ, ਸੱਭਿਆਚਾਰ, ਸਮਾਜਿਕ ਭੁੱਖ ਨੂੰ ਦੂਰ ਕਰਨ ਲਈ ਇਹ ਫਾਰਮ ਹੌਲੀ-ਹੌਲੀ ਪ੍ਰਵਾਸੀ ਭਾਰਤੀਆਂ ਖਾਸ ਕਰਕੇ ਪੰਜਾਬੀਆਂ ਦੇ ਮੇਲ-ਜੋਲ ਦਾ ਕੇਂਦਰ ਬਣ ਗਿਆ ।

ਆਵਾਜ਼ਿ ਕੌਮ AWAZE QAUM International Newspaper & WEB TV

ਇਨ੍ਹਾਂ ਸਾਰੇ ਪ੍ਰਵਾਸੀਆਂ ਨੇ ਆਪਣੇ ਸਾਥੀ ਆਗੂਆਂ ਦੇ ਸਹਿਯੋਗ ਨਾਲ ਸਿੱਖਾਂ ਦੀਆਂ ਧਾਰਮਿਕ, ਸਮਾਜਿਕ ਅਤੇ ਸੱਭਿਆਚਾਰਕ ਲੋੜਾਂ ਦੀ ਪੂਰਤੀ ਲਈ ਕੈਲੇਫੋਰਨੀਆ ਦੇ ਸ਼ਹਿਰ ਸਟਾਕਟਨ ਵਿਖੇ ਗੁਰਦੁਆਰਾ ਸਾਹਿਬ ਦੇ ਰੂਪ ਵਿੱਚ ਕੇਂਦਰ ਸਥਾਪਿਤ ਕੀਤਾ ।ਜੋ ਸਮਾਂ ਆਉਣ 'ਤੇ ਗ਼ਦਰ ਲਹਿਰ ਦੀਆਂ ਕ੍ਰਾਂਤੀਕਾਰੀ ਸਰਗਰਮੀਆਂ ਦਾ ਕੇਂਦਰ ਬਣ ਗਿਆ ।ਉਨ੍ਹਾਂ ਨੇ ਬਾਬਾ ਵਿਸਾਖਾ ਸਿੰਘ ਨਾਲ ਮਿਲ ਕੇ ਪ੍ਰਵਾਸੀ ਭਾਰਤੀਆਂ ਨੂੰ ਉਚੇਰੀ ਤਾਲੀਮ ਦੇਣ ਲਈ ਗੁਰੂ ਨਾਨਕ ਐਜੂਕੇਸ਼ਨਲ ਸੁਸਾਇਟੀ ਦੀ ਸਥਾਪਨਾ ਕਰਕੇ ਅਮਰੀਕਾ ਦੀਆਂ ਵੱਡੀਆਂ ਯੂਨੀਵਰਸਿਟੀਆਂ ਵਿੱਚ ਪੜ੍ਹਨ ਲਈ ਚਾਰ ਵਿੱਦਿਆਰਥੀਆਂ ਨੂੰ ਸੱਦਾ-ਪੱਤਰ ਭੇਜੇ ।ਇਨ੍ਹਾਂ ਸਾਰੇ ਆਗੂਆਂ ਦੀ ਇਕੋ ਸੋਚ ਸੀ, ਸਿੱਖਿਆਂ ਤੋਂ ਬਿਨਾਂ ਗੁਲਾਮੀ ਤੇ ਗਰੀਬੀ ਤੋਂ ਕਦੇ ਵੀ ਛੁਟਕਾਰਾ ਨਹੀਂ ਮਿਲ ਸਕਦਾ । 1913 ਈ: ਵਿੱਚ ਬਾਬਾ ਜਵਾਲਾ ਸਿੰਘ ਨੂੰ ਇੰਡੀਅਨ ਐਸੋਸੀਏਸ਼ਨ ਦੀ ਕੈਲੇਫੋਰਨੀਆ ਸ਼ਾਖਾ ਦਾ ਮੀਤ ਪ੍ਰਧਾਨ ਬਣਾਇਆ ਗਿਆ ।

ਇਸ ਤੋਂ ਛੇਤੀ ਪਿੱਛੋਂ ਪਹਿਲਾ ਵਿਸ਼ਵ ਯੁੱਧ ਸ਼ੁਰੂ ਹੋ ਗਿਆ । ਹੁਣ ਬਾਬਾ ਜਵਾਲਾ ਸਿੰਘ ਨੇ ਆਪਣੇ ਸਾਥੀਆਂ ਬਾਬਾ ਵਸਾਖਾ ਸਿੰਘ, ਬਾਬਾ ਸੋਹਣ ਸਿੰਘ ਭਕਣਾ, ਲਾਲਾ ਹਰਦਿਆਲ ਸਿੰਘ ਨਾਲ ਜੁੜ ਕੇ ਪੈਸੇਫ਼ਿਕ ਸਮੁੰਦਰ ਤੱਟ ਦੇ ਨਾਲ ਵੱਸਦੇ ਪ੍ਰਵਾਸੀ ਭਰਾਵਾਂ ਨਾਲ ਅੰਗ੍ਰੇਜ਼ ਹਕੂਮਤ ਤੋਂ ਆਪਣਾ ਦੇਸ਼ ਅਜ਼ਾਦ ਕਰਵਾਉਣ ਲਈ ਹੱਲਾਸ਼ੇਰੀ ਦੇਣ ਲਈ ਅਤੇ ਜਾਗਰੂਕ ਕਰਨ ਲਈ ਪ੍ਰਚਾਰ ਦੌਰਾ ਸ਼ੁਰੂ ਕੀਤਾ । ਸ਼ਸਤਰ ਬੱਧ ਕ੍ਰਾਂਤੀ ਲਈ ਗ਼ਦਰ ਲਹਿਰ ਦੀ ਸਥਾਪਨਾ ਕੀਤੀ । ਉਨ੍ਹਾਂ ਦੀ ਸੋਚ ਸੀ ਨੌਜਵਾਨਾਂ ਨੂੰ ਹਥਿਆਰਬੰਦ ਕਰਕੇ ਗੋਰੀ ਹਕੂਮਤ ਨਾਲ ਦੋ-ਹੱਥ ਕਰਨੇ ਪੈਣਗੇ ।ਇਸ ਕਾਰਨ ਲਈ ਗ਼ਦਰ ਲਹਿਰ ਨਾਂਅ ਦਾ ਮੈਗਜ਼ੀਨ ਅੰਗ੍ਰੇਜ਼ੀ, ਪੰਜਾਬੀ ਤੋਂ ਇਲਾਵਾ ਹੋਰ ਦੇਸੀ ਭਾਸ਼ਾਵਾਂ ਵਿੱਚ ਵੀ ਛਾਪਣਾ ਸ਼ੁਰੂ ਕੀਤਾ ।ਬਾਬਾ ਜਵਾਲਾ ਸਿੰਘ ਬਾਕੀ ਗ਼ਦਰੀ ਬਾਬਿਆਂ ਨਾਲ 29 ਅਗਸਤ, 1914 ਈ: ਨੂੰ ਸੈਨਫਰਾਂਸਿਸਕੋ ਤੋਂ ਜਪਾਨ, ਹਾਂਗਕਾਂਗ, ਸਿੰਗਾਪੁਰ ਹੁੰਦੇ ਹੋਏ ਭਾਰਤ ਪੁੱਜੇ ।ਜਦੋਂ ਬਾਬਾ ਜਵਾਲਾ ਸਿੰਘ 29 ਅਕਤੂਬਰ, 1914 ਈ: ਨੂੰ ਕਲਕੱਤੇ ਪੁੱਜੇ ਤਾਂ ਉਤਰਦਿਆਂ ਹੀ ਅੰਗ੍ਰੇਜ਼ ਹਕੂਮਤ ਨੇ ਬਾਕੀ ਸਾਥੀਆਂ ਸਮੇਤ ਗ੍ਰਿਫਤਾਰ ਕਰ ਲਿਆ ।ਉਨ੍ਹਾਂ ਉੱਪਰ ਵੀ ਪਹਿਲੇ ਲਾਹੌਰ ਸਾਜਿਸ਼ ਕੇਸ ਅਧੀਨ ਮੁਕੱਦਮਾ ਚਲਾਇਆ ਗਿਆ ।

ਇਸ ਮਹਾਨ ਯੋਧੇ ਨੂੰ 13 ਸਤੰਬਰ, 1915 ਈ: ਨੂੰ ਜੀਵਨ ਭਰ ਲਈ ਕਾਲੇ ਪਾਣੀ ਦੀ ਸਜ਼ਾ ਸੁਣਾਈ ਗਈ । ਨਾਲ ਹੀ ਸਾਰੀ ਜਾਇਦਾਦ ਵੀ ਜ਼ਬਤ ਕਰ ਲਈ ਗਈ ।18 ਸਾਲ ਤੱਕ ਜੇਲ੍ਹ ਦੇ ਸਖਤ ਤਸੀਹੇ ਝੱਲਦਿਆਂ ਬਤੀਤ ਕੀਤੇ ।ਉਮਰ ਦਾ ਬੇਸ਼ਕੀਮਤੀ ਅਰਸਾ ਗ਼ਦਰ-ਲਹਿਰ ਨੂੰ ਭੇਟ ਕੀਤਾ ।ਇਕੋ ਇਕ ਖਾਹਿਸ਼ ਲੈ ਕੇ ਚੱਲੇ ਸਨ, ਦੇਸ਼ ਨੂੰ ਸਦੀਆਂ ਤੋਂ ਗੁਲਾਮੀ ਦੀਆਂ ਜੰਜੀਰਾਂ ਤੋਂ ਅਜ਼ਾਦ ਕਰਵਾਉਣਾ । ਹੁਣ ਜਦੋਂ 1933 ਵਿੱਚ ਰਿਹਾਅ ਹੋਏ, ਸਦੀਆਂ ਤੋਂ ਨਪੀੜੇ ਜਾ ਰਹੇ ਕਿਸਾਨ ਹਿਤਾਂ ਲਈ ਸੰਘਰਸ਼ ਵਿੱਚ ਜੁੱਟ ਗਏ ।ਪੰਜਾਬੀ ਪੱਤ੍ਰਿਕਾ ਕਿਰਤੀ ਲਈ ਕਾਰਜਸ਼ੀਲ ਵੀ ਰਹੇ ।ਪੰਜਾਬ ਕਿਸਾਨ ਸਭਾ ਦੇ ਪ੍ਰਧਾਨ ਵੀ ਬਣਾਏ ਗਏ ।

1935 ਈ: ਵਿੱਚ ਮੁੜ ਕਿਸਾਨ ਅੰਦੋਲਨ ਵਿੱਚ ਗ੍ਰਿਫਤਾਰ ਕਰਕੇ ਇਕ ਸਾਲ ਲਈ ਮੁੜ ਜੇਲ੍ਹ ਭੇਜ ਦਿੱਤਾ ਗਿਆ । ਜ਼ਿੰਦਗੀ ਦਾ ਵੱਡਾ ਹਿੱਸਾ ਤਸੀਹੇ ਝੱਲ ਕੇ, ਉਹ ਚਾਹੁੰਦੇ ਸਨ ਆਪਣੇ ਜੀਵਨ ਦਾ ਪਲ-ਪਲ ਲੋਕ ਹਿੱਤਾਂ ਲਈ ਬਤੀਤ ਕੀਤਾ ਜਾਵੇ । 9 ਮਈ, 1938 ਈ: ਨੂੰ ਇਹ ਮਹਾਨ ਕ੍ਰਾਂਤੀਕਾਰੀ ਯੋਧਾ ਸਰਬਹਿੰਦ ਕਿਸਾਨ ਕਾਨਫਰੰਸ ਵਿੱਚ ਸ਼ਾਮਿਲ ਹੋਣ ਲਈ ਬੰਗਾਲ ਜਾ ਰਿਹਾ ਸੀ, ਰਸਤੇ ਵਿੱਚ ਜਾਂਦਿਆਂ ਇਕ ਗੰਭੀਰ ਹਾਦਸਾ ਵਾਪਰ ਗਿਆ ।ਇਸ ਹਾਦਸੇ ਵਿੱਚ ਇਹ ਮਹਾਨ ਕ੍ਰਾਂਤੀਕਾਰੀ ਗ਼ਦਰੀ ਬਾਬਾ ਸੰਸਾਰ ਨੂੰ ਹਮੇਸ਼ਾ ਲਈ ਅਲਵਿਦਾ ਆਖ ਗਿਆ ।ਇਸ ਮਹਾਨ ਯੋਧੇ ਦੇ ਕ੍ਰਾਂਤੀਕਾਰੀ ਤੇ ਸੰਘਰਸ਼ਸ਼ੀਲ ਜੀਵਨ ਨੂੰ ਸਾਡਾ ਪ੍ਰਣਾਮ।


-ਭਗਵਾਨ ਸਿੰਘ ਜੌਹਲ

bhagwansinghjohal@gmail.com

ਮੋਬਾਈਲ : 98143-24040




ਖੇਡ ਪ੍ਰੇਮ ਨਾਲ ਜਨੂਨ ਤੋਂ ਬਿਨਾਂ ਨਹੀਂ ਲੱਗ ਸਕਦਾ ਲੱਖਾਂ ਰੁਪਈਆਂ ਖੇਡਾਂ 'ਤੇ

# ਆਪਣੀ ਮਿਹਨਤਾਂ ਨਾਲ ਪੰਜਾਬ ਦੇ ਛੋਟੇ ਛੋਟੇ ਪਿੰਡਾਂ ਤੋਂ ਉੱਠ ਕੇ ਵਿਦੇਸ਼ਾਂ ਚ ਕਰਾਉਂਦੇ ਨੇ ਵੱਡੇ ਟੂਰਨਾਮੈਂਟ

ਪੰਜਾਬ ਤੇ ਪੰਜਾਬੀਆਂ ਲਈ ਵੱਡੇ ਮਾਣ ਵਾਲੀ ਗੱਲ ਹੈ ਕਿ ਆਪਣੀਆਂ ਮਿਹਨਤਾਂ ਦੇ ਸਿਰ ਤੇ ਛੋਟੇ ਛੋਟੇ ਪਿੰਡਾਂ ਤੋਂ ਉੱਠ ਕੇ ਆਸਟਰੇਲੀਆ ਵਰਗੇ ਦੇਸ਼ਾਂ ਚ ਇੰਨੇ ਵੱਡੇ ਪੱਧਰ ਤੇ ਟੂਰਨਾਮੈਂਟ ਕਰਾਉਣੇ ਇਹ ਸਭ ਕੁਝ ਖੇਡ ਪ੍ਰੇਮ ਨਾਲ ਜਨੂਨ ਤੋਂ ਬਿਨਾਂ ਨਹੀਂ ਹੋ ਸਕਦਾ ।ਖੇਡ ਪ੍ਰੇਮ ਨਾਲ ਇਹ ਜਨੂਨ ਉਸ ਪੰਜਾਬੀ ਭਾਈਚਾਰੇ ਦੇ ਸਿਰ ਸਿਹਰਾ ਬੰਨਦਾ ਹੈ ਜੋ ਆਪਣੀ ਕਿਰਤ ਕਮਾਈਆਂ ਵਿੱਚੋਂ ਮਿਹਨਤਾਂ ਦਾ ਰੁਪਿਆ ਰੁਪਿਆ ਇਕੱਠਾ ਕਰਕੇ ਮਾਂ ਖੇਡ ਕਬੱਡੀ ਨੂੰ ਇੰਟਰਨੈਸ਼ਨਲ ਲੈਵਲ ਤੱਕ ਪਹੁੰਚਾਉਣ ਵਿੱਚ ਆਪਣਾ ਪੂਰਾ ਯੋਗਦਾਨ ਪਾ ਰਹੇ ਹਨ । 10 ਮਈ ਨੂੰ ਹੋਣ ਵਾਲੇ ਮਿਲਡੂਰਾ ਆਸਟ੍ਰੇਲੀਆ ਖੇਡ ਮੇਲੇ ਦੀਆਂ ਤਿਆਰੀਆਂ ਮੁਕੰਮਲ ਫੁੱਟਬਾਲ, ਕਬੱਡੀ, ਰੱਸਾਕਸ਼ੀ, ਅਥਲੈਟਿਕਸ ਦੀਆਂ 50 ਟੀਮਾਂ ਲੈਣਗੀਆਂ ਹਿੱਸਾ ਵਿਕਟੋਰੀਆ ਸਟੇਟ ਦੇ ਚਰਚਿਤ ਸਿਟੀ ਅਤੇ ਪੰਜਾਬੀ ਵਸੋਂ ਵਾਲੇ ਸ਼ਹਿਰ ਮਿਲਡੂਰਾ ਵਿਖੇ ਤੀਸਰਾ ਕਬੱਡੀ ਕੱਪ ਅਤੇ ਖੇਡ ਮੇਲਾ 10 ਮਈ ਦਿਨ ਸ਼ਨੀਵਾਰ ਨੂੰ ਸ਼ਹੀਦ ਊਧਮ ਸਿੰਘ ਕਲੱਬ ਵੱਲੋਂ ਮਿਲਡਰਾ ਸਪੋਰਟਿੰਗ ਪ੍ਰੈਸਾਇੰਟ ਦੇ ਖੇਡ ਮੈਦਾਨਾਂ ਵਿੱਚ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਹਰਮੇਸ਼ ਸਿੰਘ ਬਲਬੇੜਾ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਨੇ ਦੱਸਿਆ ਕਿ ਮਿਲਡਰਾ ਖੇਡ ਮੇਲੇ ਦੀਆਂ ਤਿਆਰੀਆਂ ਪੂਰੀ ਤਰਾਂ ਮੁਕੰਮਲ ਹੋ ਚੁੱਕੀਆਂ ਹਨ ।ਉਹਨਾਂ ਦੱਸਿਆ ਕਿ ਮਿਲਡਰਾ ਮੇਲੇ ਦਾ ਮੁੱਖ ਮਕਸਦ ਜਿੱਥੇ ਪੰਜਾਬੀ ਭਾਈਚਾਰੇ ਨੂੰ ਆਪਸ ਵਿੱਚ ਜੋੜਨਾ ਹੈ, ਉਥੇ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਤ ਕਰਨਾ ਹੈ, ਦੁਨੀਆਂ ਨੂੰ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਦਾ ਸੰਦੇਸ਼ ਦੇਣਾ ਹੈ ।ਉਹਨਾਂ ਦੱਸਿਆ ਇਹਨਾਂ ਖੇਡਾਂ ਵਿੱਚ ਕਬੱਡੀ ਦੇ ਮੁਕਾਬਲੇ ਮੁੱਖ ਖਿੱਚ ਦਾ ਕੇਂਦਰ ਹੋਣਗੇ, ਜਿਸ ਵਿੱਚ ਜੂਨੀਅਰ ਅਤੇ ਸੀਨੀਅਰ ਵਰਗ ਦੀਆਂ 8 ਟੀਮਾਂ ਹਿੱਸਾ ਲੈਣਗੀਆਂ ਮਾਣ ਵਾਲੀ ਗੱਲ ਇਹ ਹੈ ਕਿ ਖੇਡ ਮੇਲੇ ਵਿੱਚ ਨਿਊਜ਼ੀਲੈਂਡ ਦੇ ਕਬੱਡੀ ਟੀਮ ਵੀ ਹਿੱਸਾ ਲਵੇਗੀ । ਇਸਤੋਂ ਇਲਾਵਾ ਬੱਚਿਆਂ ਦੇ ਅਥਲੈਟਿਕਸ ਅਤੇ ਕੁਸ਼ਤੀ ਦੇ ਮੁਕਾਬਲੇ, ਫੁਟਬਾਲ, ਰੱਸਾਕਸ਼ੀ, ਮਿਊਜ਼ੀਕਲ ਚੇਅਰਰੇਸ ਆਦਿ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ ।ਫੁੱਟਬਾਲ ਦੇ ਵਰਗ ਵਿੱਚ 20 ਟੀਮਾਂ, ਰੱਸਾਕਸ਼ੀ ਵਿੱਚ 8 ਟੀਮਾਂ ਇਸ ਤੋਂ ਇਲਾਵਾ ਅਥਲੈਟਿਕਸ ਦੇ ਵਿੱਚ 100 ਤੋਂ ਵੱਧ ਅਥਲੀਟ ਖੇਡਣਗੇ। ਇਸ ਤੋਂ ਇਲਾਵਾ ਸਿੰਘ ਸਭਾ ਗੁਰਦੁਆਰਾ ਸਾਹਿਬ ਮਿਲਡੂਰਾ ਵਿਖੇ ਪ੍ਰਬੰਧਕੀ ਕਮੇਟੀ ਅਤੇ ਸੰਗਤਾਂ ਵੱਲੋਂ ਸਮੂਹ ਖਿਡਾਰੀਆਂ ਅਤੇ ਆਉਣ ਵਾਲੇ ਦਰਸ਼ਕਾਂ ਲਈ ਲੰਗਰ ਦਾ ਵਧੀਆ ਪ੍ਰਬੰਧ ਕੀਤਾ ਜਾਵੇਗਾ ।ਗੁਰੂ ਘਰ ਦੇ ਵਿੱਚ ਮਠਿਆਈਆਂ, ਲੱਡੂ ਮੱਠੀਆਂ ਆਦਿ ਦੇ ਪਕਵਾਨ ਪੱਕਣੇ ਸ਼ੁਰੂ ਹੋ ਗਏ ਹਨ । ਬੀਬੀਆਂ ਵੀ ਵੱਡੀ ਗਿਣਤੀ ਵਿੱਚ ਪਕਵਾਨ ਪਕਾਉਣ ਦੇ ਵਿੱਚ ਹਿੱਸਾ ਲੈ ਰਹੀਆਂ ਹਨ । ਅੱਜ ਮਿਲਡਰਾ ਦੀ ਮੇਅਰ ਹੈਲਨ ਹੈਲੀ ਜਿੱਥੇ ਖੇਡ ਮੈਦਾਨਾਂ ਦਾ ਮੁਆਇਨਾ ਕੀਤਾ ਉਥੇ ਖੇਡਾਂ ਦੇ ਪ੍ਰਬੰਧਕ ਸਤਵਿੰਦਰਜੀਤ ਸਿੰਘ ਬੋਬੀ ਗਿੱਲ ਸਨੀ ਗਰੇਵਾਲ, ਹਰਮੇਸ਼ ਸਿੰਘ ਰੋਡਾ, ਜਗਰੂਪ ਸਿੰਘ ਜਰਖੜ ਨੇ ਹੈਲਨ ਹੈਲੀ ਨੂੰ ਖੇਡਾਂ ਤੇ ਆਉਣ ਦਾ ਸੱਦਾ ਪੱਤਰ ਵੀ ਦਿੱਤਾ।ਉਨਾਂ ਦੱਸਿਆ ਕਿ ਮੇਜਰ ਸਿੰਘ, ਭਗਵੰਤ ਸਿੰਘ ਚੰਦੀ, ਸੰਨੀ ਗਰੇਵਾਲ ਟੂਰਨਾਂਮੈਂਟ ਦੇ ਗੋਲਡ ਸਪਾਂਸਰ ਹੋਣਗੇ ।ਜਦਕਿ ਕਮਲਜੀਤ ਸਿੰਘ ਮਨਸੂਰਾਂ ਗਰੇਵਾਲ ਆਟਾ ਚੱਕੀ ਵਾਲ, ਮਨਜਿੰਦਰ ਸਿੰਘ ਗਰੇਵਾਲ, ਬਿਕਰਮ ਸਿੰਘ, ਹਰਮੇਸ਼ ਸਿੰਘ ਰੋਡਾ, ਚੈਰੀ ਗਰੇਵਾਲ ਪਲੈਟੀਨਮ ਸਪੌਂਸਰ ਹੋਣਗੇ ।ਖੇਡਾਂ ਦੇ ਫਾਈਨਲ ਸਮਾਰੋਹ ਤੇ ਦਿਲਪ੍ਰੀਤ ਸਿੰਘ, ਰਘਬੀਰ ਸਿੰਘ, ਮਿਸਟਰ ਐਨ ਫਾਰ ਨੂੰ ਸਮਾਜ ਅਤੇ ਖੇਡਾਂ ਦੇ ਖੇਤਰ ਵਿੱਚ ਵਧੀਆ ਸੇਵਾਵਾਂ ਦੇਣ ਬਦਲੇ ਵਿਸ਼ੇਸ਼ ਸਨਮਾਨ ਦਿੱਤਾ ਜਾਵੇਗਾ ।







ਆਵਾਜ਼ਿ ਕੌਮ AWAZE QAUM International Newspaper & WEB TV

-ਪਰਗਟ ਸਿੰਘ ਬਲਬੇੜਾ ਦੀ ਰਿਪੋਰਟ

# ਪਾਕਿਸਤਾਨ ਵੱਲੋਂ ਕਸ਼ਮੀਰ ਪੁੰਛ ਦੇ ਗੁਰੂ ਘਰ ਤੇ ਹਮਲਾ ਕਰਨਾ ਅਤਿ ਮੰਦਭਾਗਾ ਹੈ-ਨੰਬਰਦਾਰ ਰਜਿੰਦਰ ਸਿੰਘ ਪੇਧਨੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤ ਤੇ ਪਾਕਿਸਤਾਨ ਵਿਚਕਾਰ ਪੈਦਾ ਹੋਈ ਤਲਖੀ ਅਤੇ ਇੱਕ ਦੂਜੇ ਉੱਤੇ ਕੀਤੇ ਗਏ ਹਮਲਿਆਂ ਦੌਰਾਨ ਕਸਮੀਰ ਦੇ ਪੁੰਛ ਖੇਤਰ ਵਿੱਚ ਮਾਰੇ ਗਏ ਸਿੱਖਾਂ ਤੇ ਹੋਰ ਲੋਕਾਂ ਅਤੇ ਗੁਰਦੁਆਰਾ ਸਾਹਿਬ ਉੱਤੇ ਕੀਤੇ ਗਏ ਹਮਲੇ ਦੀ ਕਾਰਵਾਈ ਦੀ ਕਰੜੀ ਨਿੰਦਾ ਕਰਦਿਆਂ ਉੱਘੇ ਸਮਾਜ ਸੇਵੀ ਨੰਬਰਦਾਰ ਰਜਿੰਦਰ ਸਿੰਘ ਪੇਧਨੀ ਨੇ ਕਿਹਾ ਕਿ ਭਾਰਤ ਵੱਲੋਂ ਕੀਤੇ ਗਏ ਆਪ੍ਰੇਸ਼ਨ ਸਿੰਦੂਰ ਦੇ ਜਵਾਬੀ ਹਮਲੇ ਵਿੱਚ ਪਾਕਿਸਤਾਨ ਵੱਲੋਂ ਪੁੰਛ ਵਿਖੇ ਕੀਤੀ ਗਈ ਗੋਲਾਬਾਰੀ ਵਿੱਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਕੇਂਦਰੀ ਉੱਤੇ ਹਮਲਾ ਕੀਤਾ ਗਿਆ ਹੈ, ਜਿਸ ਵਿੱਚ ਇੱਕ ਰਾਗੀ ਸਿੰਘ ਸਮੇਤ ਕਈ ਸਿੱਖ ਨੌਜਵਾਨ ਮਾਰੇ ਗਏ ਹਨ। ਇਸ ਦੌਰਾਨ ਪੁੰਛ ਵਿਖੇ ਹੋਰ ਲੋਕਾਂ ਦੇ ਮਾਰੇ ਜਾਣ ਦੀ ਗੱਲ ਵੀ ਸਾਹਮਣੇ ਆਈ ਹੈ। ਉਨ੍ਹਾਂ ਕਿਹਾ ਕਿ ਦੋਵੇਂ ਦੇਸਾਂ ਦੀਆਂ ਸਰਕਾਰਾਂ ਨੂੰ ਤੁਰੰਤ ਸਾਂਤੀ ਬਹਾਲ ਕਰਨ ਲਈ ਸੰਜੀਦਾ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਜੰਗ ਹਮੇਸਾ ਹੀ ਮਨੁੱਖਤਾ ਦਾ ਵੱਡਾ ਘਾਣ ਕਰਦੀ ਹੈ ਜਿਸ ਵਿੱਚ ਬੇਗੁਨਾਹ ਲੋਕ ਵੀ ਵੱਡੀ ਗਿਣਤੀ ਵਿੱਚ ਮਾਰੇ ਜਾਂਦੇ ਹਨ। ਇਸ ਲਈ ਮੌਜੂਦਾ ਸਥਿਤੀ ਨੂੰ ਸਾਂਤੀਪੂਰਵਕ ਕਰਨ ਲਈ ਵੱਧ ਤੋਂ ਵੱਧ ਯਤਨ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਦੋਵੇਂ ਦੇਸਾਂ ਨੇ 1947 ਤੋਂ ਲੈ ਕੇ ਹੁਣ ਤੱਕ ਆਪਸੀ ਕੁੜੱਤਣ ਕਾਰਨ ਵੱਡੇ ਨੁਕਸਾਨ ਝੱਲੇ ਹਨ, ਜਿਸ ਵਿੱਚ ਖਾਸਕਰ ਪੰਜਾਬ ਤੇ ਜੰਮੂ ਕਸਮੀਰ ਦੇ ਹਿੰਦੂ ਤੇ ਸਿੱਖਾਂ ਦਾ ਵੱਡਾ ਨੁਕਸਾਨ ਹੋਇਆ ਹੈ। ਇਸ ਮੌਕੇ ਉਹਨਾਂ ਦੇ ਨਾਲ ਡਿੰਪੀ ਕਲੇਰ ਪੇਧਨੀ ਮੈਂਬਰ ਪੰਚਾਇਤ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿਧਾਂਤ-ਏ-ਸ਼ਸ਼ਤਰ



ਜੰਗਾਂ ਦੀ ਫ਼ਤਿਹ ਦਾ ਸ਼ਸ਼ਤਰ ਪ੍ਰਤੀਕ
ਜਿੱਤਣ ਦਾ ਨਕਸ਼ਾ ਲੈਂਦਾ ਹੈ ਉਲੀਕ।

ਜ਼ੁਲਮ ਦੇ ਉੱਠੇ ਸਿਰ ਮਧੋਲਣ ਵਾਲਾ
ਕਾਲ ਦਾ ਰੰਗਿਆ ਰੰਗ ਦਾ ਕਾਲਾ।।

ਰੱਤ ਨਾਲ ਖੇਡੇ ਸ਼ਸ਼ਤਰ ਨਿੱਤ ਹੋਲਾ
ਸ਼ਸ਼ਤਰ ਦੇ ਮੂਹਰੇ ਨਾ ਕੋਈ ਰੋਲਾ।

ਹਰ ਯੁੱਗ ਦਾ ਹੁੰਦਾ ਹੈ ਇਹ ਹਾਣੀ
ਚੱਲਦਾ ਜਦੋਂ ਰੱਤ ਡੋਲ੍ਹੇ ਵਾਂਗ ਪਾਣੀ।।

ਕਾਲ ਦੇ ਰੱਥ ਦਾ ਚੜ੍ਹਿਆ ਅਸਵਾਰ
ਅਣਖਾਂ ਦੀ ਗੁੜ੍ਹਤੀ ਘੜੇ ਕਿਰਦਾਰ।

ਬਾਝ ਸ਼ਸ਼ਤਰ ਫੱਬਦੇ ਨਾ ਗੈਰਤ ਮੇਲੇ
ਸ਼ਸ਼ਤਰ ਨਾਦ ਸੰਗੀਤ ਸੰਗ ਹੋਣੀ ਖੇਲੇ।।

ਸ਼ਸ਼ਤਰ ਦਾ ਰੁਤਬਾ ਜੱਗ ਵਿੱਚ ਉੱਚਾ
ਯੋਧਿਆਂ ਪੂਜਣ ਸ਼ਸ਼ਤਰ ਪੀਰ ਸੁੱਚਾ।

ਤੀਰ, ਤੇਗੇ ,ਭਾਲੇ,ਖੜਗ ਤੇ ਕਿਰਪਾਨ
ਮੌਤਦੇਵ ਨੂੰ ਰੱਤ,ਹੱਡ,ਮਾਂਸ ਸਭ ਪ੍ਰਵਾਨ।।

ਸ਼ਾਸ਼ਤਰਾਂ ਵਿੱਚੋ ਸ਼ਸ਼ਤਰ ਉਪਜ ਕੇ ਆਏ
ਸ਼ਸ਼ਤਰ ਸਾਹਵੇ ਵੈਰੀ ਵੀ ਠਠੰਬਰ ਜਾਏ।

ਸ਼ਸ਼ਤਰ ਦੀ ਸੋਝੀ ਨਿਰਭਓ ਮੂਲ ਸਿਧਾਂਤ
ਸ਼ਸ਼ਤਰ ਸਿਰਜਦਾ ਨਿੱਤ ਨਵੇ ਬਿਰਤਾਂਤ।।

ਕਟਾਰ,ਖੰਜਰ,ਖੁਕਰੀ,ਤਲਵਾਰ ਤੇ ਢਾਲ
ਸ਼ਸ਼ਤਰ ਸਮਰੱਥ ਕੱਟ ਦਿੰਦਾ ਭਰਮ ਜਾਲ।

ਸ਼ਸ਼ਤਰ ਹੀ ਭਗਤੀ ਸ਼ਸ਼ਤਰ ਹੀ ਸ਼ਕਤੀ
ਸ਼ਸ਼ਤਰ ਗੁਰੂ ਦਾ ਮੋਹ ਸ਼ਸ਼ਤਰ ਸਰਬਲੋਹ।

ਸ਼ਸ਼ਤਰ ਕਾਲ ਦਾ ਪ੍ਰਚੰਡ ਵਿਕਰਾਲ ਰੂਪ
ਸ਼ਸ਼ਤਰ ਹੀ ਪੂਜਾ ਦਾ ਸ਼ਸ਼ਤਰ ਹੀ ਸਰੂਪ।

ਸ਼ਸ਼ਤਰ ਅਰੁੱਕ,ਅਮੁੱਕ,ਨਿਰਮਲ ਤੁਫੰਗ
ਸ਼ਸ਼ਤਰ ਤੇਜ ਬੁਗਦਾ ਸ਼ਸ਼ਤਰ ਸਰਬੰਗ।।

ਸ਼ਸ਼ਤਰ ਹੈ ਗੁਰੂ ਅਤੇ ਸ਼ਸ਼ਤਰ ਹੀ ਪੀਰ
ਸ਼ਸ਼ਤਰ ਨੂੰ ਅਰਾਧਦੇ ਮਰਜੀਵੜੇ ਬੀਰ।

ਸ਼ਸ਼ਤਰ ਹੈ ਸੋਭਾ ਸ਼ਸ਼ਤਰ ਹੈ ਵਡਿਆਈ
ਸ਼ਸ਼ਤਰ ਜਾਬਰ ਦੀ ਅਲਖ ਮੁਕਾਈ।।

ਆਵਾਜ਼ਿ ਕੌਮ AWAZE QAUM International Newspaper & WEB TV

-ਸੁਰਿੰਦਰਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ।

## ਅੱਧੀ ਰਾਤ ਅਕਾਸ਼ ਗੁਜਾਊ ਧਮਾਕਿਆਂ ਤੋਂ ਬਾਅਦ ਲੋਕਾਂ ਚ ਦਹਿਸ਼ਤ ਦਾ ਮਾਹੌਲ

# ਪਿੰਡ ਜੇਠੂਵਾਲ ਵਿਖੇ ਡਿੱਗੀ ਮਿਜਾਇਲ, ਮੱਖਣਵਿਡੀ, ਪੰਧੇਰ 'ਚ ਵੀ ਮਿਲਿਆ ਮਲਬਾ







**ਜੇਠੂਵਾਲ ,8 ਮਈ( ਸ਼ਮਸ਼ੇਰ ਸਿੰਘ ਜੇਠੂਵਾਲ )**-ਭਾਰਤ ਪਾਕਿਸਤਾਨ ਦੇ ਵਿਚਕਾਰ ਚੱਲ ਰਹੇ ਤਣਾਅ ਦੇ ਵਿਚਾਲੇ ਲੰਘੀ ਰਾਤ ਅੰਮ੍ਰਿਤਸਰ ਏਅਰ ਸਪੇਸ ਅੰਦਰ ਰਾਤ ਕਰੀਬ ਇਕ ਵਜੇ ਦੇ ਤਿੰਨ ਜ਼ੋਰਦਾਰ ਧਮਾਕਿਆਂ ਦੀ ਆਵਾਜ਼ ਸੁਣਾਈ ਦਿੱਤੀ ਗਈ ਸੀ ਤੇ ਅੱਜ ਸਵੇਰੇ ਅੰਮ੍ਰਿਤਸਰ ਦੇ ਪਿੰਡ ਜੇਠੂਵਾਲ ਵਿਖੇ ਦੋ ਹਿੱਸਿਆਂ ਵਿਚ ਨਸ਼ਟ ਹੋਈ ਮਿਜਾਇਲ ਮਿਲੀ ।



ਜਿਸਦੇ ਖੋਲ੍ਹ ਮੱਖਣਵਿਡੀ,ਪੰਧੇਰ ਦੇ ਖੇਤਾਂ ਚੋਂ ਮਿਲੇ ।ਇਸਦੇ ਚਲਦਿਆਂ ਨਾਲ ਹੀ ਅੰਮ੍ਰਿਤਸਰ ਜ਼ਿਲੇ ਦੇ ਥਾਣਾ ਹੇਅਰ ਕੰਬੋਅ,ਪੁਲਿਸ ਚੌਂਕੀ ਸੋਹੀਆਂ ਖੁਰਦ ਦੇ ਖੇਤਰ ਦੇ ਅਧੀਨ ਆਉਂਦੇ ਇਕ ਹੋਰ ਪਿੰਡ ਜੇਠੂਵਾਲ ਵਾਸੀਆਂ ਵਲੋਂ ਜਿਸਦੀ ਸੂਚਨਾ ਮਿਲਣ ਤੇ ਪੁਲਸ ਅਤੇ ਫੌਜ ਦੇ ਅਧਿਕਾਰੀ ਲੈਫਟੀਨੈਂਟ ਕਰਨਲ ਫੌਜ ਦੇ ਜਵਾਨਾਂ ਨਾਲ ਇਥੇ ਪੁੱਜ ਗਏ ਜਿਨਾ ਵਲੋਂ ਇਸ ਮਿਸਾਇਲ ਨੂੰ ਕਬਜ਼ੇ ਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ।

ਜਿਕਰਯੋਗ ਹੈ ਕਿ ਮੱਖਣ ਵਿੰਡੀ ਪਿੰਡ ਵੀ ਜੇਠੂਵਾਲ ਦੇ ਨੇੜੇ ਹੋਣ ਕਾਰਨ ਇਸ ਦੌਰਾਨ ਪਿੰਡ ਵਾਸੀਆਂ ਨੇ ਗੱਲਬਾਤ ਕਰਦਿਆਂ ਦਸਿਆ ਕੇ ਅੱਧੀ ਰਾਤ ਤੋਂ ਬਾਅਦ ਓਹਨਾਂ ਨੇ ਜ਼ੋਰਦਾਰ ਧਮਾਕਿਆਂ ਦੀ ਆਵਾਜ਼ ਸੁਣੀ ਸੀ ਤੇ ਸਵੇਰੇ ਸਾਡੇ ਪਿੰਡਾਂ ਦੇ ਖੇਤਾਂ ਚ ਇਹ ਮਿਸਾਇਲ ਮਿਲੀ,ਬੇਸ਼ੱਕ ਕਿਸੇ ਦਾ ਜਾਨੀ ਮਾਲੀ ਨੁਕਸਾਨ ਨਹੀ ਹੋਇਆ ਪਰ ਓਹਨਾਂ ਕਿਹਾ ਕੇ ਇੰਨਾ ਮਿਸਾਇਲਾਂ ਦੇ ਮਿਲਣ ਤੋਂ ਬਾਅਦ ਇਲਾਕੇ ਦੇ ਲੋਕਾਂ ਚ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ।

ਇਸ ਮੌਕੇ ਤੇ ਪੁਲਸ ਅਧਿਕਾਰੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਸਿਆ ਕੇ ਫੌਜੀ ਅਧਿਕਾਰੀਆਂ ਵਲੋਂ ਕੀਤੀ ਗਈ ਮੁੱਢਲੀ ਜਾਂਚ ਵਿਚ ਇਹ ਗੱਲ ਸਾਹਮਣੇ ਆਈ ਹੈ ਕੇ ਇਥੇ ਮੱਖਣ ਵਿੰਡੀ ਵਿਚ ਮਿਲੇ ਟੁੱਕੜੇ ਪਿੰਡ ਜੇਠੂਵਾਲ ਵਿਚ ਡਿੱਗੀ ਮਿਸਾਇਲ ਦਾ ਹੀ ਅਗਲਾ ਹਿੱਸਾ ਹਨ ਜੌ ਕੇ ਐਕਟਿਵ ਹੈ ,ਇਸਨੂੰ ਇਥੇ ਨਕਾਰਾ ਕੀਤਾ ਜਾਣਾ ਹੈ ਜਾ ਨਾਲ ਲੈਂ ਕੇ ਜਾਣਾ ਹੈ ਇਹ ਫੌਜੀ ਅਧਿਕਾਰੀ ਵੇਖਣੇਗੇ। ਇਹ ਸਵਾਲ ਪੁੱਛਣ ਤੇ ਕੇ ਕੀ ਇਹ ਮਿਸਾਇਲਾਂ ਪਾਕਿਸਤਾਨ ਵਲੋਂ ਦਾਗੀਆਂ ਗਈਆਂ ਸਨ ਤਾਂ ਓਹਨਾਂ ਕਿਹਾ ਕੇ ਇਸਦਾ ਜਵਾਬ ਤਾਂ ਆਰਮੀ ਹੀ ਦੇ ਸਕਦੀ ਹੈ ਜੋ ਤਫਤੀਸ਼ ਦਾ ਮਸਲਾ ਹੈ।

ਪੁਲਸ ਵਲੋਂ ਇਸ ਮੌਕੇ ਤੇ ਇਕੱਠੀ ਹੋਈ ਭੀੜ ਨੂੰ ਘਟਨਾ ਸਥਾਨ ਤੋਂ ਦੂਰ ਹਟਾ ਦਿੱਤਾ ਗਿਆ ਤਾਂ ਜੌ ਕੋਈ ਵੀ ਅਣ ਸੁਖਾਵੀਂ ਘਟਨਾ ਨਾ ਵਾਪਰ ਸਕੇ ।ਕੁਝ ਲੋਕਾਂ ਦਾ ਇਹ ਵੀ ਕਹਿਣਾ ਸੀ ਕਿ ਇਹ ਮਿਸਾਇਲਾਂ ਪਾਕਿਸਤਾਨ ਵਲੋਂ ਸੁੱਟੀਆਂ ਗਈਆਂ ਹਨ ਜਿਨ੍ਹਾਂ ਨੂੰ ਭਾਰਤੀ ਡਿਫੈਂਸ ਸਿਸਟਮ ਵਲੋਂ ਹਵਾ ਚ ਹੀ ਇੰਨਾ ਨੂੰ ਨਸਟ ਕਰ ਦਿੱਤਾ ਗਿਆ ਤੇ ਖੋਲ ਹੇਠਾਂ ਡਿੱਗੇ ਹਨ ਪ੍ਰੰਤੂ ਇਸ ਗੱਲ ਦੀ ਕਿਸੇ ਵੀ ਫੌਜ ਦੇ ਜਾਂ ਪੁਲਸ ਅਧਿਕਾਰੀ ਨੇ ਪੁਸ਼ਟੀ ਨਹੀਂ ਕੀਤੀ ਤੇ ਇਹੀ ਕਿਹਾ ਗਿਆ ਕੇ ਜਾਂਚ ਤੋਂ ਬਾਅਦ ਹੀ ਕੁੱਝ ਕਿਹਾ ਜਾ ਸਕਦਾ ਹੈ। ਇਸ ਦੌਰਾਨ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਵੀ ਮੌਕੇ ਤੇ ਪੁੱਜ ਗਏ ਜਿਨਾ ਵਲੋਂ ਫੌਜ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ ਓਹਨਾਂ ਵਲੋਂ ਲੋਕਾਂ ਦੇ ਹੌਸਲੇ ਨੂੰ ਵੇਖ ਸ਼ਾਬਾਸ਼ ਦਿੱਤੀ ਅਪੀਲ ਕੀਤੀ ਗਈ ਕੇ ਓਹ ਪ੍ਰਸ਼ਾਸ਼ਨ ਦਾ ਸਾਥ ਦੇਣ ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਜਰਾਤ ਵਿੱਚ ਗੁਰਮਤਿ ਸਿਖਲਾਈ ਕੈਂਪ ਲਗਾਉਣ ਲਈ

# 17 ਕੇਂਦਰ ਸਥਾਪਿਤ ਕੀਤੇ ਗਏ



**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-ਸਿੱਖ ਮਿਸ਼ਨ ਗੁਜਰਾਤ-ਰਾਜਸਥਾਨ ਦੇ ਵਿਸ਼ੇਸ਼ ਉਪਰਾਲੇ ਅਤੇ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਸ਼ਹੀਦ ਸਿੱਖ ਮਿਸ਼ਨਰੀ ਕਾਲਜ, ਸ੍ਰੀ ਅੰਮ੍ਰਿਤਸਰ ਦੇ ਸਹਿਯੋਗ ਨਾਲ ਗੁਜਰਾਤ ਵਿੱਚ ਗੁਰਮਤਿ ਸਿਖਲਾਈ ਕੈਂਪ ਲਗਾਉਣ ਲਈ 17 ਕੇਂਦਰ ਸਥਾਪਿਤ ਕੀਤੇ ਗਏ ਹਨ। ਜਿਸ ਵਿੱਚ 45 ਦੇ ਕਰੀਬ ਅਧਿਆਪਕ ਸਾਹਿਬਾਨ ਪੰਜਾਬ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ। ਜਿਨ੍ਹਾਂ ਵੱਲੋਂ ਗੁਰਮੁਖੀ, ਗੁਰਬਾਣੀ ਸੰਥਿਆ, ਕੀਰਤਨ, ਤਬਲਾ, ਗਤਕਾ ਅਤੇ ਦਸਤਾਰ ਸਿਖਲਾਈ ਦਿੱਤੀ ਜਾਵੇਗੀ। ਗੁਜਰਾਤ, ਕਰਨਾਟਕ ਅਤੇ ਗੋਆ ਦੇ ਆਨਰੇਰੀ ਸਕੱਤਰ ਸ. ਰਾਮ ਸਿੰਘ ਰਾਠੌਰ ਅਤੇ ਗੁਜਰਾਤ ਸਿੱਖ ਮਿਸ਼ਨ ਦੇ ਇੰਚਾਰਜ ਸ. ਪਰਮਜੀਤ ਸਿੰਘ ਦੀ ਮੰਗ ਨੂੰ ਪ੍ਰਵਾਨ ਕਰਦੇ ਹੋਏ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ ਅਨੁਸਾਰ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਵੱਲੋਂ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਦੇ ਪ੍ਰਿੰਸੀਪਲ ਬੀਬੀ ਮਨਜੀਤ ਕੌਰ ਨੂੰ ਇਨ੍ਹਾਂ ਕੈਂਪਾਂ ਦੀ ਜਿੰਮੇਵਾਰੀ ਸੋਂਪੀ ਗਈ। ਇਨ੍ਹਾਂ ਕੈਂਪਾਂ ਦੀ ਆਰੰਭਤਾ ਮੌਕੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਅਤੇ ਕਥਾਵਾਚਕ ਭਾਈ ਵਰਿਆਮ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚੇ। ਜਿਕਰਯੋਗ ਹੈ ਕਿ ਇਹ ਗੁਰਮਤਿ ਕੈਂਪ ਪੂਰੇ ਭਾਰਤ ਭਰ ਵਿੱਚ ਗਰਮੀਆਂ ਦੀਆਂ ਛੁੱਟੀਆਂ ਦੇ ਦੌਰਾਨ ਆਯੋਜਿਤ ਕੀਤੇ ਜਾਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿੱਸਰੇ ਹੋਏ ANZAC ਫੌਜੀਆਂ ਦਾ ਸਨਮਾਨ : ਸਿੱਖ ਤੇ ਪੰਜਾਬ ਰੈਜੀਮੈਂਟ ਵੱਲੋਂ ਪਹਿਲੇ ਵਿਸ਼ਵ ਯੁੱਧ 'ਚ ਦਿੱਤੇ ਬਲੀਦਾਨ ਨੂੰ ਸਿਜਦਾ ਕਰਨ ਲਈ ਮਨੂ ਸਿੰਘ ਦੇ ਉਚੇਚੇ ਯਤਨ

# ਸਿੱਖ ਤੇ ਪੰਜਾਬ ਰੈਜੀਮੈਂਟ ਦੇ ਬਹਾਦਰਾਂ ਦੀ ਪੰਜਾਬ ਚ ਯਾਦਗਾਰ ਬਣਾਉਣ ਦੀ ਤਜਵੀਜ਼







**ਚੰਡੀਗੜ੍ਹ, 8 ਮਈ (ਆਵਾਜ਼ਿ ਕੌਮ ਬਿਊਰੋ)**-ਬਹਾਦਰੀ ਅਤੇ ਸਾਂਝੇ ਇਤਿਹਾਸ ਦੀ ਬੀਰ-ਗਾਥਾ ਨੂੰ ਭਾਵੁਕ ਸ਼ਰਧਾਂਜਲੀ ਦੇ ਯਤਨਾਂ ਵਜੋਂ ਉਤਸ਼ਾਹੀ ਨੌਜਵਾਨ ਨੇਤਾ ਅਤੇ ਭਾਈਚਾਰਕ ਦੂਤ ਵਜੋਂ ਵਿਚਰਦੇ ਮਨਪ੍ਰੀਤ ਸਿੰਘ ਉਰਫ਼ ਮਨੂ ਸਿੰਘ ਵੱਲੋਂ ਪਹਿਲੇ ਵਿਸ਼ਵ ਯੁੱਧ ਵਿੱਚ ਏ.ਐਨ.ਜ਼ੈਡ.ਏ.ਸੀ. (ਆਸਟਰੇਲੀਅਨ ਅਤੇ ਨਿਊਜ਼ੀਲੈਂਡ ਫੌਜੀ ਬਲ) ਫੌਜਾਂ ਦਾ ਸਾਥ ਦੇ ਕੇ ਲੜਨ ਵਾਲੇ ਸਿੱਖ ਅਤੇ ਪੰਜਾਬ ਰੈਜੀਮੈਂਟ ਦੇ ਜਵਾਨਾਂ ਦੇ ਬਹਾਦਰੀ ਨਾਲ ਭਰੇ ਯੋਗਦਾਨ ਨੂੰ ਮਾਨਤਾ ਦਿਵਾਉਣ ਲਈ ਹਰ ਸੰਭਵ ਯਤਨ ਕਰ ਰਿਹਾ ਹੈ।

ਮਨੂੰ ਸਿੰਘ ਦਾ ਮਿਸ਼ਨ ਇਹ ਯਕੀਨੀ ਬਣਾਉਣਾ ਹੈ ਕਿ ਪਹਿਲੇ ਵਿਸ਼ਵ ਯੁੱਧ ਦੇ ਬਿਰਤਾਂਤ ਵਿੱਚ ਲੰਬੇ ਸਮੇਂ ਤੋਂ ਨਜ਼ਰਅੰਦਾਜ਼ ਰਹੇ ਸਿੱਖ ਅਤੇ ਪੰਜਾਬ ਰੈਜੀਮੈਂਟ ਦੇ ਜਵਾਨਾਂ ਦੀਆਂ ਕੁਰਬਾਨੀਆਂ ਨੂੰ ਆਸਟ੍ਰੇਲੀਆ ਦੀ ਸਮੂਹਿਕ ਯਾਦ ਵਿੱਚ ਪੂਰਨ ਮਾਣ-ਸਨਮਾਨ ਨਾਲ ਢੁਕਵਾਂ ਸਥਾਨ ਮਿਲੇ। ਆਸਟ੍ਰੇਲੀਆ ਤੋਂ ਵਾਪਸ ਆਉਣ ਤੋਂ ਬਾਅਦ ਮਨਪ੍ਰੀਤ ਸਿੰਘ ਇਨ੍ਹਾਂ ਜਵਾਨਾਂ ਦੇ ਯੋਗਦਾਨ ਨੂੰ ਸਦੀਵੀਂ ਯਾਦ ਰੱਖਣ ਲਈ ਪੰਜਾਬ ਵਿੱਚ ਢੁਕਵੀਂ ਯਾਦਗਾਰ ਬਣਾ ਕੇ ਸਿਜਦਾ ਕਰਨਾ ਚਾਹੁੰਦਾ ਹੈ ਤਾਂ ਜੋ ਉਨ੍ਹਾਂ ਦੇ ਬਹਾਦਰੀ ਦੇ ਕਿੱਸਿਆਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾਸਰੋਤ ਬਣਾਇਆ ਜਾ ਸਕੇ।

ਏ.ਐਨ.ਜ਼ੈਡ.ਏ.ਸੀ. ਦੀ ਬੀਰ-ਗਾਥਾ ਆਸਟ੍ਰੇਲੀਆ ਦੀ ਪਛਾਣ ਦਾ ਮੁੱਖ ਅਧਾਰ ਹੈ ਅਤੇ ਮਨੂ ਸਿੰਘ ਇਨ੍ਹਾਂ ਬਲਾਂ ਦੇ ਅੱਖੋਂ ਪਰੋਖੇ ਰਹੇ ਸੈਨਿਕਾਂ ਖਾਸ ਕਰਕੇ ਸਿੱਖ ਸੈਨਿਕਾਂ, ਜੋ ਗੈਲੀਪੋਲੀ ਵਿਖੇ ਆਸਟ੍ਰੇਲੀਆਈ ਫੌਜਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਸਨ, ਦੀਆਂ ਕੁਰਬਾਨੀਆਂ ਨੂੰ ਮਾਨਤਾ ਦਿਵਾਉਣ ਲਈ ਦ੍ਰਿੜ ਹੈ। ਦੱਸਣਯੋਗ ਹੈ ਕਿ ਪਹਿਲੇ ਵਿਸ਼ਵ ਯੁੱਧ ਵਿੱਚ 4 ਜੂਨ, 1915 ਦੇ ਦਿਨ ਬਹਾਦਰੀ ਨਾਲ ਲੜਦਿਆਂ 14ਵੀਂ ਸਿੱਖ ਰੈਜੀਮੈਂਟ ਦੇ 379 ਜਵਾਨ ਸ਼ਹੀਦ ਹੋ ਗਏ ਸਨ ਅਤੇ ਉਨ੍ਹਾਂ ਵੱਲੋਂ ਦਿਖਾਈ ਗਈ ਬੇਮਿਸਾਲ ਬਹਾਦਰੀ ਐਨਜ਼ੈਕ (ਏ.ਐਨ.ਜ਼ੈਡ.ਏ.ਸੀ.) ਦੀ ਅਸਲ ਭਾਵਨਾ ਦਾ ਪ੍ਰਤੀਕ ਹੈ। ਐਨਜ਼ੈਕ ਦੀ ਬਹਾਦਰੀ ਅਤੇ ਕੁਰਬਾਨੀਆਂ ਦੇ ਕਿੱਸਿਆਂ ਨਾਲ ਲਬਰੇਜ਼ ਇਸ ਸਾਂਝੇ ਇਤਿਹਾਸ ਦੀ ਵਧਦੀ ਮਾਨਤਾ ਇਸ ਸਾਲ ਨਵੀਂ ਦਿੱਲੀ ਵਿੱਚ 'ਐਨਜ਼ੈਕ ਦਿਵਸ' ਸਮਾਰੋਹਾਂ ਵਿੱਚ ਸਪੱਸ਼ਟ ਦੇਖੀ ਜਾ ਸਕਦੀ ਸੀ, ਜਿੱਥੇ ਆਸਟ੍ਰੇਲੀਆਈ ਹਾਈ ਕਮਿਸ਼ਨਰ ਬੈਰੀ ਓ ਫੈਰੇਲ, ਨਿਊਜ਼ੀਲੈਂਡ ਦੇ ਹਾਈ ਕਮਿਸ਼ਨਰ ਪੈਟ੍ਰਿਕ ਜੌਨ ਰਾਤਾ, ਆਸਟ੍ਰੇਲੀਆਈ ਫੌਜ ਦੇ ਚੀਫ਼ ਆਫ਼ ਡਿਫੈਂਸ ਸਟਾਫ਼ ਡੈਮੀਅਨ ਸਕੱਲੀ ਓ' ਸ਼ੀਆ ਅਤੇ ਰਿਟਰਨਡ ਐਂਡ ਸਰਵਿਸਿਜ਼ ਲੀਗ (ਆਰ.ਐਸ.ਐਲ) ਦੇ ਪ੍ਰਤੀਨਿਧੀ, ਪਹਿਲੇ ਵਿਸ਼ਵ ਯੁੱਧ ਦੇ ਇਨ੍ਹਾਂ ਬਲਾਂ, ਜਿਨ੍ਹਾਂ ਵਿੱਚ ਏ.ਐਨ.ਜ਼ੈਡ.ਏ.ਸੀ. ਬਲਾਂ ਦੇ ਨਾਲ ਲੜਨ ਵਾਲੇ ਸਿੱਖ ਅਤੇ ਭਾਰਤੀ ਸੈਨਿਕ ਵੀ ਸ਼ਾਮਲ ਸਨ, ਦੇ ਸਨਮਾਨ ਲਈ ਇਕੱਠੇ ਹੋਏ। ਇਨ੍ਹਾਂ ਉੱਘੀਆਂ ਸ਼ਖ਼ਸੀਅਤਾਂ ਦੀ ਮੌਜੂਦਗੀ ਨੇ ਇਸ ਬਹੁ-ਕੌਮੀ ਵਿਰਾਸਤ ਦੀ ਅਸਲ ਮਾਨਤਾ ਨੂੰ ਉਜਾਗਰ ਕੀਤਾ। ਪਿਛਲੇ ਚਾਰ ਸਾਲਾਂ ਤੋਂ ਮਨੂ ਸਿੰਘ, ਜੰਗੀ ਵਿਧਵਾਵਾਂ ਦੀ ਭਲਾਈ 'ਚ ਜੁਟੀ ਸੰਸਥਾ ਆਰ.ਐਸ.ਐਲ. ਦੇ ਮੈਂਬਰ ਵਜੋਂ ਆਪਣੇ ਪੜਦਾਦੇ ਦੇ ਬ੍ਰਿਟਿਸ਼-ਇੰਡੀਅਨ ਆਰਮੀ ਮੈਡਲ ਪਹਿਨ ਕੇ ਅਤੇ ਸਿੱਖ ਰੈਜੀਮੈਂਟ ਦੀ ਨੁਮਾਇੰਦਗੀ ਕਰਦਿਆਂ ਨਵੀਂ ਦਿੱਲੀ ਵਿਖੇ ਐਨਜ਼ੈਕ ਦਿਵਸ ਪਰੇਡ ਵਿੱਚ ਪੂਰੇ ਮਾਣ ਨਾਲ ਹਿੱਸਾ ਲੈਂਦਾ ਆ ਰਿਹਾ ਹੈ। ਉਸਨੇ ਕਿਹਾ ਕਿ ਇਸ ਪਰੇਡ ਵਿੱਚ ਹਿੱਸਾ ਲੈਂਦਿਆਂ ਸਾਡੇ ਬਹਾਦਰ ਜਵਾਨਾਂ ਲਈ ਤਾੜੀਆਂ ਦੀ ਗੂੰਜ ਸੁਣਨਾ ਉਸ ਲਈ ਇੱਕ ਮਾਣ ਵਾਲਾ ਪਲ ਸੀ। ਇਹ ਅਜਿਹਾ ਪਲ ਸੀ ਜਿੱਥੇ ਜੀਵੰਤ ਸੱਭਿਆਚਾਰਾਂ ਅਤੇ ਏ.ਐਨ.ਜ਼ੈਡ.ਏ.ਸੀ. ਦੇ ਦੋਸਤੀ ਦੇ ਮਜ਼ਬਤ ਬੰਧਨ ਦਾ ਸੇਵਾ ਅਤੇ ਕੁਰਬਾਨੀ ਨਾਲ ਲਬਰੇਜ਼ ਸਿੱਖ ਪਰੰਪਰਾ ਨਾਲ ਮੇਲ ਹੋਇਆ। ਮਨੂ ਸਿੰਘ ਦੇ ਇਨ੍ਹਾਂ ਯਤਨਾਂ ਦੀ ਦੇਸ਼-ਵਿਦੇਸ਼ ਵਿੱਚ ਵਸਦੇ ਸਿੱਖ ਭਾਈਚਾਰੇ ਅਤੇ ਆਸਟ੍ਰੇਲੀਆਈ ਲੋਕਾਂ ਨੇ ਭਰਪੂਰ ਸ਼ਲਾਘਾ ਕੀਤੀ ਹੈ। ਮਨੂ ਸਿੰਘ ਨੇ ਕਿਹਾ ਕਿ ਸਿੱਖ ਸੈਨਿਕਾਂ ਅਤੇ ਸਿੱਖ ਰੈਜੀਮੈਂਟ ਨੇ ਏ.ਐਨ.ਜ਼ੈਡ.ਏ.ਸੀ. ਨਾਲ ਮਿਲ ਕੇ ਇਕੋ ਜੰਗ ਲੜੀ, ਇਕੋ ਸੰਘਰਸ਼ ਕੀਤਾ, ਇਸ ਲਈ ਉਨ੍ਹਾਂ ਦੇ ਯੋਗਦਾਨ ਨੂੰ ਬਰਾਬਰ ਦਾ ਸਨਮਾਨ ਮਿਲਣਾ ਚਾਹੀਦਾ ਹੈ। ਸਮੇਂ ਦੇ ਨਾਲ ਜਿਵੇਂ ਐਨਜ਼ੈਕ ਦਿਵਸ ਹਿੰਮਤ ਅਤੇ ਏਕਤਾ ਦੇ ਇੱਕ ਵਿਸ਼ਾਲ ਪ੍ਰਤੀਕ ਵਜੋਂ ਮਾਨਤਾ ਹਾਸਲ ਕਰਦਾ ਜਾ ਰਿਹਾ ਹੈ, ਆਰ.ਐਸ.ਐਲ. ਵਰਗੇ ਅਦਾਰਿਆਂ ਵਿੱਚ ਸਿੱਖਾਂ ਸੈਨਿਕਾਂ ਦੇ ਯੋਗਦਾਨ ਨੂੰ ਰਸਮੀ ਮਾਨਤਾ ਦੇਣ ਲਈ ਉੱਠਦੀਆਂ ਮੰਗਾਂ ਦੇ ਨਾਲ ਮਨੂ ਸਿੰਘ ਦੀ ਮੁਹਿੰਮ ਵੀ ਜ਼ੋਰ ਫੜਦੀ ਜਾ ਰਹੀ ਹੈ। ਮਨੂ ਸਿੰਘ ਨੇ ਕਿਹਾ ਕਿ ਇਹ ਉਸ ਲਈ ਇਤਿਹਾਸ ਤੋਂ ਕਿਤੇ ਜ਼ਿਆਦਾ ਮਾਇਨੇ ਰੱਖਦਾ ਹੈ ਅਤੇ ਉਸ ਲਈ ਸਿੱਖਾਂ ਸੈਨਿਕਾਂ ਦੇ ਯੋਗਦਾਨ ਨੂੰ ਸਿਜਦਾ ਕਰਨ ਦਾ ਜ਼ਰੀਆ ਹੈ। ਉਸ ਦਾ ਕਹਿਣਾ ਹੈ ਕਿ ਇਨ੍ਹਾਂ ਬਹਾਦਰ ਸਿੱਖ ਸੈਨਿਕਾਂ ਦੀ ਬੀਰ-ਗਾਥਾ ਸਾਡੀ ਸਾਂਝੀ ਵਿਰਾਸਤ ਹੈ, ਅਸੀਂ ਕਿਤੇ ਇਸਨੂੰ ਭੁੱਲ ਨਾ ਜਾਈਏ।

ਆਵਾਜ਼ਿ ਕੌਮ AWAZE QAUM International Newspaper & WEB TV

# ਦੁਸ਼ਹਿਰਾ ਸਮਾਗਮ ਸੰਤ ਬਾਬਾ ਇੰਦਰਜੀਤ ਸਿੰਘ ਜੀ ਰਕਬੇ ਵਾਲੇ ਜਿਥੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਅਤੇ ਖਾਲਸਾ ਪੰਥ ਦੀਆਂ ਸਿਰਮੌਰ ਸੰਸਥਾਵਾਂ ਤੇ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243